ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 15 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਮਰਾਟ ਚੌਧਰੀ ਬਣਨਗੇ ਬਿਹਾਰ ਦੇ ਨਵੇਂ ਮੁੱਖ ਮੰਤਰੀ

**ਪਟਨਾ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਮੁੱਖ ਮੰਤਰੀ ਰਹੇ ਨਿਤੀਸ਼ ਕੁਮਾਰ ਨੇ ਮੁੱਖ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਸਮਰਾਟ ਚੌਧਰੀ ਨੂੰ ਹੁਣ ਭਾਜਪਾ ਵਿਧਾਇਕ ਦਲ ਦਾ ਨੇਤਾ ਚੁਣਿਆ ਗਿਆ ਹੈ। ਉਹ ਬਿਹਾਰ ਦੇ ਨਵੇਂ ਮੁੱਖ ਮੰਤਰੀ ਹੋਣਗੇ। ਉਹ ਬੁੱਧਵਾਰ ਨੂੰ ਸਵੇਰੇ 11 ਵਜੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਉਨ੍ਹਾਂ ਨੇ ਆਪਣਾ ਰਾਜਨੀਤਿਕ ਕਰੀਅਰ 1990 ਦੇ ਦਹਾਕੇ ਵਿੱਚ ਸ਼ੁਰੂ ਕੀਤਾ ਸੀ। ਸਮਰਾਟ ਚੌਧਰੀ ਨਾ ਤਾਂ ਰਾਸ਼ਟਰੀ ਸਵੈਮ ਸੇਵਕ ਸੰਘ ਤੋਂ ਆਏ ਸਨ ਅਤੇ ਨਾ ਹੀ ਉਨ੍ਹਾਂ ਨੇ ਆਪਣਾ ਰਾਜਨੀਤਿਕ ਕਰੀਅਰ ਭਾਜਪਾ ਨਾਲ ਸ਼ੁਰੂ ਕੀਤਾ ਸੀ। ਇਸ ਦੇ ਬਾਵਜੂਦ ਉਹ ਭਾਜਪਾ ਦੀ ਮਿੱਟੀ ਵਿੱਚ ਵਧੇ-ਫੁੱਲੇ ਹਨ ਅਤੇ ਬਿਹਾਰ ਦੇ ਚੌਧਰੀ ਵਜੋਂ ਉੱਭਰੇ ਹਨ। ਸਮਰਾਟ ਰਾਬੜੀ ਦੇਵੀ ਦੀ ਆਰਜੇਡੀ ਸਰਕਾਰ ਵਿੱਚ ਸਭ ਤੋਂ ਘੱਟ ਉਮਰ ਦੇ ਮੰਤਰੀ ਅਤੇ ਮਾਂਝੀ ਦੀ ਸਰਕਾਰ ਵਿੱਚ ਕੈਬਨਿਟ ਮੰਤਰੀ ਸਨ ਪਰ ਉਨ੍ਹਾਂ ਨੇ ਭਾਜਪਾ ਵਿੱਚ ਰਾਜਨੀਤਿਕ ਸਫਲਤਾ ਪ੍ਰਾਪਤ ਕੀਤੀ। ਭਾਜਪਾ ਵਿੱਚ ਸ਼ਾਮਲ ਹੋਏ ਉਨ੍ਹਾਂ ਨੂੰ ਸਿਰਫ਼ ਅੱਠ ਸਾਲ ਹੋਏ ਹਨ ਪਰ ਉਨ੍ਹਾਂ ਨੇ ਰਾਜਨੀਤਿਕ ਮੰਚ 'ਤੇ ਕਈ ਦਿੱਗਜ ਨੇਤਾਵਾਂ ਨੂੰ ਪਛਾੜ ਦਿੱਤਾ ਹੈ। ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਮੁੱਖ ਮੰਤਰੀ ਰਹੇ ਨਿਤਿਸ਼ ਕੁਮਾਰ ਨੇ ਅੱਜ ਪਟਨਾ ਦੇ ਲੋਕ ਭਵਨ ਵਿਖੇ ਰਾਜਪਾਲ ਲੈਫਟੀਨੈਂਟ ਜਨਰਲ ਸਈਦ ਅਤਾ ਹਸਨੈਨ ਨੂੰ ਆਪਣਾ ਅਸਤੀਫਾ ਸੌਂਪਿਆ ਹੈ। ਉਨ੍ਹਾਂ ਦੇ ਨਾਲ ਉਪ ਮੁੱਖ ਮੰਤਰੀ ਸਮਰਾਟ ਚੌਧਰੀ ਅਤੇ ਵਿਜੇ ਚੌਧਰੀ ਵੀ ਸਨ। ਰਾਜਪਾਲ ਨੇ ਉਨ੍ਹਾਂ ਦਾ ਅਸਤੀਫ਼ਾ ਸਵੀਕਾਰ ਕਰ ਲਿਆ। ਉਨ੍ਹਾਂ ਨੇ 10 ਅਪ੍ਰੈਲ ਨੂੰ ਰਾਜ ਸਭਾ ਦੇ ਮੈਂਬਰ ਵਜੋਂ ਸਹੁੰ ਚੁੱਕੀ ਸੀ।

## ਖਾਲਸਾ ਸਾਜਨਾ ਦਿਵਸ 'ਤੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਦਾ ਕੌਮ ਦੇ ਨਾਮ ਸੰਦੇਸ਼

# 'ਸਿੱਖੀ ਸਾਡੀ ਪਛਾਣ, ਅੱਜ ਸਾਨੂੰ ਖੁਦ ਪੰਥ ਦੀ ਪਹਿਰੇਦਾਰੀ ਦੀ ਲੋੜ'

**ਅੰਮ੍ਰਿਤਸਰ/ਦਿੱਲੀ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਸਾਜਨਾ ਦਿਵਸ 'ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਦੇ ਨਾਮ ਸੰਦੇਸ਼ ਜਾਰੀ ਕੀਤਾ ਹੈ। ਜਥੇਦਾਰ ਸਾਹਿਬ ਵੱਲੋਂ



ਕੌਮ ਦੇ ਨਾਮ ਜਾਰੀ ਕੀਤੇ ਗਏ ਸੰਦੇਸ਼ ਵਿੱਚ ਸਿੱਖ ਪੰਥ ਦੀ ਏਕਤਾ, ਪਹਿਚਾਣ ਅਤੇ ਮੂਲ ਸਿਧਾਂਤਾਂ ਨੂੰ ਮਜ਼ਬੂਤੀ ਨਾਲ ਬਰਕਰਾਰ ਰੱਖਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅੱਜਕੱਲ੍ਹ ਕੁਝ ਤੱਤ ਸਿੱਖਾਂ ਖਿਲਾਫ ਗਲਤ ਬਿਰਤਾਂਤ ਸਿਰਜਣ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਸਿੱਖ ਧਰਮ ਅਤੇ ਖਾਲਸਾਈ ਸੋਚ ਨੂੰ ਕਦੇ ਵੀ ਬਦਲਿਆ ਨਹੀਂ ਜਾ ਸਕਦਾ। ਉਨ੍ਹਾਂ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ 1699 ਦੀ ਵੈਸਾਖੀ 'ਤੇ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਿਰਜਣਾ ਕਰਕੇ ਸਿੱਖਾਂ ਨੂੰ ਨਿਰਾਲੀ ਪਹਿਚਾਣ ਦਿੱਤੀ ਸੀ, ਜੋ ਅੱਜ ਵੀ ਅਟੱਲ ਹੈ। ਪੰਜਾਬੀ ਸੰਗੀਤ ਵੀਡੀਓਜ਼ ਉਨ੍ਹਾਂ ਨੇ ਕਿਹਾ ਕਿ "ਸਿੰਘ" ਅਤੇ "ਕੌਰ" ਸਿੱਖਾਂ ਦੀ ਅਸਲੀ ਪਹਿਚਾਣ ਹਨ ਅਤੇ ਮਾਪਿਆਂ ਨੂੰ ਆਪਣੇ ਬੱਚਿਆਂ ਦੇ ਨਾਂ ਨਾਲ ਇਹ ਸ਼ਬਦ ਜ਼ਰੂਰ ਜੋੜਣੇ ਚਾਹੀਦੇ ਹਨ। ਜਥੇਦਾਰ ਸਾਹਿਬ ਨੇ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਪੰਥ ਦੇ ਸਿਧਾਂਤ ਨੂੰ ਸਿੱਖੀ ਦੀ ਨੀਂਹ ਦੱਸਦੇ ਹੋਏ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸਰੀਰਾਂ ਨੂੰ ਮਾਰਿਆ ਜਾ ਸਕਦਾ ਹੈ, ਪਰ ਪੰਥ ਨੂੰ ਖਤਮ ਨਹੀਂ ਕੀਤਾ ਜਾ ਸਕਦਾ। ਬੇਅਦਬੀ ਦੇ ਮਾਮਲਿਆਂ 'ਤੇ ਗੰਭੀਰ ਚਿੰਤਾ ਜਤਾਉਂਦਿਆਂ ਉਨ੍ਹਾਂ ਕਿਹਾ ਕਿ ਇਸ ਦਾ ਹੱਲ ਸਿਰਫ ਸਾਨੂੰ ਖੁਦ ਪੰਥ ਦੀ ਪਹਿਰੇਦਾਰੀ ਕਰਨ ਵਿੱਚ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਗੁਰੂ ਗ੍ਰੰਥ ਸਾਹਿਬ ਸਿੱਖਾਂ ਦਾ ਸਰਬਉਚ ਗੁਰੂ ਹੈ ਅਤੇ ਇਸ 'ਤੇ ਕੋਈ ਕਾਨੂੰਨ ਨਹੀਂ ਬਣ ਸਕਦਾ, ਹਾਲਾਂਕਿ ਸਰਕਾਰ ਨੂੰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ ਨਾ ਕਿ ਸਿਰਫ਼ ਕਾਨੂੰਨ ਬਣਾਉਣੇ ਚਾਹੀਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਸਿੱਖ ਪਹਿਚਾਣ ਨਾਲ ਜੁੜੇ ਪੰਜ ਕਕਾਰਾਂ ਦੀ ਮਹੱਤਤਾ ਉਤੇ ਜ਼ੋਰ ਦਿੰਦਿਆਂ ਕਿਹਾ ਕਿ ਵੱਖ-ਵੱਖ ਸਥਾਨਾਂ 'ਤੇ ਕਕਾਰਾਂ ਨੂੰ ਲੈ ਕੇ ਆ ਰਹੀਆਂ ਰੋਕਾਂ ਸਿੱਖਾਂ ਦੇ ਹੱਕਾਂ 'ਤੇ ਅਸਰ ਪਾ ਰਹੀਆਂ ਹਨ। ਅੰਤ ਵਿੱਚ ਜਥੇਦਾਰ ਸਾਹਿਬ ਨੇ ਸਿੱਖ ਕੌਮ ਨੂੰ ਇਕੱਠੇ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਇਕਤਾ ਵਿੱਚ ਹੀ ਤਾਕਤ ਹੈ। ਉਨ੍ਹਾਂ ਵਿਸਾਖੀ 2026) ਦੇ ਪਵਿੱਤਰ ਮੌਕੇ 'ਤੇ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੁਨੀਆਂ ਦੇ ਕਿਸੇ ਵੀ ਕੋਨੇ ਵਿੱਚ ਵੱਸਦਾ ਸਿੱਖ ਸ੍ਰੀ ਅਨੰਦਪੁਰ ਸਾਹਿਬ ਨਾਲ ਜੁੜਿਆ ਹੋਇਆ ਹੈ ਅਤੇ ਸਭ ਨੂੰ ਇਕ ਪਰਿਵਾਰ ਵਜੋਂ ਰਹਿਣ ਦੀ ਲੋੜ ਹੈ।


## ਸ੍ਰੀ ਅਨੰਦਪੁਰ ਸਾਹਿਬ ਜਾ ਰਹੀ ਸੰਗਤ 'ਤੇ ਚੱਲੀਆਂ ਗੋਲੀਆਂ

**ਸ੍ਰੀ ਅਨੰਦਪੁਰ ਸਾਹਿਬ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਤੋਂ ਸ੍ਰੀ ਅਨੰਦਪੁਰ ਸਾਹਿਬ ਮੱਥਾ ਟੇਕਣ ਲਈ ਜਾ ਰਹੇ ਸ਼ਰਧਾਲੂਆਂ 'ਤੇ ਗੋਲੀ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਕ ਕੀਰਤਪੁਰ ਸਾਹਿਬ ਅਤੇ ਅਨੰਦਪੁਰ ਸਾਹਿਬ ਦੇ ਵਿਚਕਾਰ ਅਣਪਛਾਤੇ ਹਮਲਾਵਰਾਂ ਨੇ ਟਰੈਕਟਰ-ਟਰਾਲੀਆਂ ਵਿਚ ਯਾਤਰਾ ਕਰ ਰਹੀ ਸੰਗਤ ਉਪਰ ਅੰਨ੍ਹੇਵਾਹ ਗੋਲੀਆਂ ਚਲਾਈਆਂ। ਇਹ ਘਟਨਾ ਸੋਮਵਾਰ ਦੇਰ ਰਾਤ ਵਾਪਰੀ ਦੱਸੀ ਜਾ ਰਹੀ ਹੈ। ਹਮਲਾਵਰ ਖੁਦ ਟਰੈਕਟਰ-ਟਰਾਲੀਆਂ ਵਿਚ ਸਵਾਰ ਹੋ ਕੇ ਪਹੁੰਚੇ ਸਨ। ਇਥੇ ਚੰਗੀ ਗੱਲ ਇਹ ਰਹੀ ਕਿ ਇਸ ਗੋਲੀਬਾਰੀ ਦੀ ਘਟਨਾ ਵਿਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਵਾਹਨਾਂ 'ਤੇ ਗੋਲੀਆਂ ਦੇ ਨਿਸ਼ਾਨ ਸਨ। ਘਟਨਾ ਤੋਂ ਬਾਅਦ




ਪੀੜਤਾਂ ਵਿਚ ਪੁਲਸ ਦੇ ਵਿਵਹਾਰ ਪ੍ਰਤੀ ਕਾਫ਼ੀ ਰੋਸ ਵੀ ਦੇਖਿਆ ਜਾ ਰਿਹਾ ਹੈ। ਪ੍ਰਤੱਖਦਰਸ਼ੀਆਂ ਮੁਤਾਬਕ ਹਮਲਾਵਰਾਂ ਨੇ ਬਿਨਾਂ ਕਿਸੇ ਚੇਤਾਵਨੀ ਦੇ ਸਿੱਧੇ ਸ਼ਰਧਾਲੂਆਂ ਦੇ ਵਾਹਨਾਂ ਅਤੇ ਟਰਾਲੀਆਂ ਨੂੰ ਨਿਸ਼ਾਨਾ ਬਣਾਇਆ। ਕੁਝ ਹੀ ਪਲਾਂ ਵਿਚ ਘਟਨਾ ਸਥਾਨ 'ਤੇ ਹਫੜਾ-ਦਫੜੀ ਮਚ ਗਈ। ਗੋਲੀਬਾਰੀ ਦੀ ਆਵਾਜ਼ ਨਾਲ ਪੂਰਾ ਇਲਾਕਾ ਦਹਿਲ ਉਠਿਆ ਗਿਆ। ਰਾਹਤ ਦੀ ਗੱਲ ਇਹ ਕਿ ਸਾਰੇ ਸ਼ਰਧਾਲੂ ਸੁਰੱਖਿਅਤ ਹਨ। ਫਿਲਹਾਲ ਥਾਣਾ ਕੀਰਤਪੁਰ ਸਾਹਿਬ ਵਿਖੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਮੁੜ ਸੁਰਖੀਆਂ 'ਚ ਪੰਜਾਬ ਪੁਲਿਸ, ਕਾਰ ਖਰੀਦ ਕੇ ਜਾ ਕੇ ਨੌਜਵਾਨਾਂ ਨੂੰ ਰਸਤੇ 'ਚੋਂ ਚੁੱਕਿਆ, ਕੁੱਟਮਾਰ ਕਰਕੇ ਲਏ ਪੈਸੇ



**ਫਿਰੋਜ਼ਪੁਰ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਮੇਸ਼ਾ ਸੁਰਖੀਆਂ 'ਚ ਰਹਿਣ ਵਾਲੀ ਪੰਜਾਬ ਪੁਲਿਸ ਦਾ ਧੱਕੇਸ਼ਾਹੀ ਵਾਲਾ ਰੂਪ ਫਿਰ ਤੋਂ ਸਾਹਮਣੇ ਆਇਆ ਹੈ। ਜਲਾਲਾਬਾਦ ਦੇ ਥਾਣਾ ਸਦਰ ਦੇ ਤਿੰਨ ਮੁਲਾਜ਼ਮਾਂ ਦੇ ਵੱਲੋਂ ਨੌਜਵਾਨਾਂ ਨੂੰ ਨਜਾਇਜ਼ ਚੁੱਕ ਉਹਨਾਂ ਨਾਲ ਕੁੱਟਮਾਰ ਕੀਤੇ ਜਾਣ ਅਤੇ ਝੂਠੇ ਮਾਮਲੇ 'ਚ ਫਸਾਉਣ ਦੀ ਧਮਕੀ ਦੇ ਕੇ ਪੈਸੇ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦੇ ਹੋਏ ਪਿੰਡ ਘੱਲੂ ਦੇ ਜਬਰ ਸਿੰਘ ਨੇ ਦੱਸਿਆ ਕਿ 5 ਤਰੀਕ ਨੂੰ ਜ਼ਿਲ੍ਹਾ ਫਿਰੋਜ਼ਪੁਰ ਦੇ ਗੋਲੂ ਕਾ ਮੋੜ ਤੋਂ ਉਸ ਦੇ ਵੱਲੋਂ ਬਾਈਜੀ ਕਾਰ ਬਾਜ਼ਾਰ ਤੋਂ ਇੱਕ ਕਾਰ ਖਰੀਦੀ ਗਈ ਸੀ, ਜਿਸ ਨੂੰ ਲੈ ਕੇ ਉਹ ਜਦ ਘਰ ਵਾਪਸ ਜਾ ਰਹੇ ਸਨ ਤਾਂ ਰਸਤੇ ਵਿੱਚ ਜਲਾਲਾਬਾਦ ਦੇ ਬਾਹਰ ਇੱਕ ਢਾਬੇ 'ਤੇ ਚਾਹ ਪੀਣ ਲਈ ਰੁਕੇ। ਇਸੇ ਦੌਰਾਨ ਉੱਥੇ ਥਾਣਾ ਸਦਰ ਜਲਾਲਾਬਾਦ ਦੀ ਗੱਡੀ ਆ ਜਾਂਦੀ ਹੈ, ਜਿਸ ਵਿੱਚ ਤਿੰਨ ਪੁਲਿਸ ਮੁਲਾਜ਼ਮ ਸਵਾਰ ਸਨ। ਤਿੰਨੇ ਕੇਵਲ ਕ੍ਰਿਸ਼ਨ ਹਰਬੰਸ ਸਿੰਘ ਅਤੇ ਜਸਪਾਲ ਸਿੰਘ, ਜਿਨ੍ਹਾਂ ਦੇ ਵੱਲੋਂ ਉਹਨਾਂ ਨੂੰ ਨਜਾਇਜ਼ ਤੌਰ 'ਤੇ ਚੁੱਕ ਲਿਆ ਅਤੇ ਕੁੱਟਮਾਰ ਕੀਤੀ ਗਈ। ਪੁਲਿਸ ਮੁਲਾਜ਼ਮ ਨੇ ਦੋਸ਼ ਲਾਇਆ ਕਿ ਤੁਹਾਡੀ ਗੱਡੀ ਵਾਰਦਾਤ ਕਰਕੇ ਆਈ ਹੈ, ਇਸ 'ਤੇ ਕ੍ਰਾਈਮ ਰਿਪੋਰਟ ਹੈ, ਇਸ 'ਤੇ ਗੋਲੀ ਚਲਾਈ ਗਈ ਹੈ ਅਤੇ ਇਹ ਸਭ ਤੋਂ ਧਮਕੀਆਂ ਦੇ ਕੇ ਪੈਸਿਆਂ ਦੀ ਮੰਗ ਕੀਤੀ ਜਾਂਦੀ ਹੈ, ਜਿਸ ਤੋਂ ਬਾਅਦ ਉਨ੍ਹਾਂ ਨੇ 70,000 ਦੀ ਮੰਗ ਕੀਤੀ ਕੀਤੀ ਅਤੇ 34000 ਰੁਪਏ ਗੂਗਲ ਪੇ ਕਰਵਾ ਲਿਆ। ਪੀੜਤਾਂ ਨੇ ਕਿਹਾ ਕਿ ਕਥਿਤ ਦੋਸ਼ੀ ਮੁਲਾਜ਼ਮਾਂ ਨੇ ਕਾਰ ਦੀ ਆਰਸੀ ਤੇ ਹੋਰ ਦਸਤਾਵੇਜ਼ ਆਪਣੇ ਕੋਲ ਰੱਖ ਲਏ। ਫਿਰ 6 ਅਪ੍ਰੈਲ ਨੂੰ ਉਹਨਾਂ ਨੂੰ ਥਾਣਾ ਸਦਰ ਬੁਲਾਇਆ ਅਤੇ ਫੇਰ 25000 ਲੈ ਲਏ ਅਤੇ ਕਾਗਜ਼ ਵਾਪਸ ਮੋੜ ਦਿੱਤੇ। ਜਬਰ ਸਿੰਘ ਨੇ ਬਾਅਦ ਵਿੱਚ ਇਹ ਸਾਰੀ ਘਟਨਾ ਗੋਲੂ ਕਾ ਵਿਖੇ ਬਾਈਜੀ ਕਾਰ ਬਾਜ਼ਾਰ ਦੇ ਮਾਲਕ ਨੂੰ ਦੱਸੀ, ਜਿਸ ਬਾਅਦ ਇਹ ਗੱਲ ਮੀਡੀਆ ਅੱਗੇ ਰੱਖ ਕੇ ਇਨਸਾਫ ਦੀ ਮੰਗ ਕੀਤੀ ਗਈ। ਉਧਰ, ਇਸ ਮਾਮਲੇ ਦੇ ਵਿੱਚ ਐਕਸ਼ਨ ਲੈਂਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੇ ਐਸਐਸਪੀ ਗੁਰਮੀਤ ਸਿੰਘ ਹੋਰਾਂ ਦੇ ਵੱਲੋਂ ਉਕਤ ਮੁਲਾਜ਼ਮਾਂ ਨੂੰ ਸਸਪੈਂਡ ਕਰ ਦਿੱਤਾ ਗਿਆ। ਕੇਵਲ ਕ੍ਰਿਸ਼ਨ ਅਤੇ ਹਰਬੰਸ, ਪੰਜਾਬ ਹੋਮ ਗਾਰਡ ਦੇ ਮੁਲਾਜਮ ਸਨ ਅਤੇ ਜਸਪ੍ਰੀਤ ਸਿੰਘਣੀਆਂ ਪੁਲਿਸ ਦਾ ਜਵਾਨ ਹੈ।

## ਪਟਿਆਲਾ ਵਾਸੀਆਂ ਲਈ ਖ਼ਤਰੇ ਦੀ ਘੰਟੀ, ਮੰਡਰਾਉਣ ਲੱਗਾ ਇਹ ਵੱਡੇ ਸੰਕਟ

**ਪਟਿਆਲਾ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗਰਮੀਆਂ ਦੀ ਆਮਦ ਤੋਂ ਪਹਿਲਾਂ ਸ਼ਹਿਰ ਦੇ ਕਈ ਇਲਾਕਿਆਂ 'ਚ ਪੀਣਯੋਗ ਸਹੀ ਪਾਣੀ ਨਹੀਂ ਪਹੁੰਚ ਰਿਹਾ। ਇਸ 'ਚ ਹਾਨੀਕਾਰਕ ਬੈਕਟੀਰੀਆ ਪਾਇਆ ਗਿਆ ਹੈ। ਸਿਹਤ ਵਿਭਾਗ ਵੱਲੋਂ ਹਾਲ 'ਚ ਕਈ ਇਲਾਕਿਆਂ ਵਿਚ ਗੰਦਾ ਪਾਣੀ ਸਪਲਾਈ ਹੋਣ ਦੀ ਸੂਚਨਾ ਮਿਲਣ ਤੋਂ ਬਾਅਦ ਸੈਂਪਲਿੰਗ ਕੀਤੀ ਗਈ। ਸਿਹਤ ਵਿਭਾਗ ਵੱਲੋਂ ਵੱਖ-ਵੱਖ ਇਲਾਕਿਆਂ 'ਚੋਂ 10 ਸੈਂਪਲ ਲਏ ਗਏ ਸਨ ਅਤੇ ਇਨ੍ਹਾਂ 'ਚ 3 ਸੈਂਪਲ ਫੇਲ ਪਾਏ ਗਏ ਹਨ। ਸਿਹਤ ਵਿਭਾਗ ਵੱਲੋਂ ਪਾਣੀ ਦੇ ਸੈਂਪਲ ਲੈਣ ਤੋਂ ਬਾਅਦ ਜਾਂਚ ਲਈ ਸਟੇਟ ਪਬਲਿਕ ਹੈਲਥ ਲੈਬਾਰਟਰੀ ਪੰਜਾਬ ਖਰੜ ਨੂੰ ਚੈਕਿੰਗ ਲਈ ਭੇਜੇ ਗਏ ਸਨ, ਜਿਨ੍ਹਾਂ ਦੀ ਅੱਜ ਹੀ ਰਿਪੋਰਟ ਹਾਸਲ ਹੋਈ ਹੈ ਅਤੇ ਇਨ੍ਹਾਂ 10 ਸੈਂਪਲਾਂ ਵਿਚੋਂ 3 ਸੈਂਪਲ ਫੇਲ੍ਹ ਪਾਏ ਗਏ।



ਲੈਬੋਰਟਰੀ ਦੀ ਰਿਪੋਰਟ ਮੁਤਾਬਕ ਉਨ੍ਹਾਂ 'ਚ ਹਾਨੀਕਾਰਕ ਬੈਕਟੀਰੀਆ ਪਾਇਆ ਗਿਆ, ਜਿਨ੍ਹਾਂ 'ਚ ਕੋਲੀਫੋਰਮ ਬੈਕਟੀਰੀਆ ਐੱਮ. ਪੀ. ਐੱਨ. 15 ਪਾਇਆ ਗਿਆ। ਜਿਹੜੇ ਇਲਾਕਿਆਂ ਦੇ ਸੈਂਪਲ ਫੇਲ ਪਾਏ ਗਏ ਹਨ, ਉਨ੍ਹਾਂ 'ਚ 2 ਸਿਕਲੀਗਰ ਬਸਤੀ ਅਤੇ 1 ਵਧੀਆ ਇਲਾਕਾ ਮੰਨੇ ਜਾਣ ਵਾਲੇ ਪ੍ਰਤਾਪ ਨਗਰ ਦਾ ਸੈਂਪਲ ਫੇਲ ਪਾਇਆ ਗਿਆ ਹੈ। ਸਿਹਤ ਵਿਭਾਗ ਵੱਲੋਂ ਇਹ ਸੈਂਪਲ ਘਰ ਦੀ ਪੀਣ ਵਾਲੇ ਪਾਣੀ ਦੀ ਟੂਟੀ 'ਚੋਂ ਲਿਆ ਗਿਆ ਸੀ। ਅਹਿਮ ਗੱਲ ਇਹ ਹੈ ਕਿ ਸਿਹਤ ਵਿਭਾਗ ਵੱਲੋਂ ਪ੍ਰਤਾਪ ਨਗਰ ਦਾ ਸਿਰਫ ਇਕ ਹੀ ਸੈਂਪਲ ਲਿਆ ਗਿਆ ਸੀ। ਜੇਕਰ ਹੋਰ ਘਰਾਂ ਦੀ ਸੈਂਪਲਿੰਗ ਵੀ ਕੀਤੀ ਜਾਵੇ ਤਾਂ ਸਥਿਤੀ ਹੋਰ ਵੀ ਸਪੱਸ਼ਟ ਹੋ ਸਕਦੀ ਹੈ। ਜਿਹੜੇ ਘਰ ਦਾ ਸੈਂਪਲ ਫੇਲ੍ਹ ਪਾਇਆ ਗਿਆ, ਉਸ ਦੇ ਮਾਲਕ ਸੰਜੀਵ ਕੁਮਾਰ ਨੇ ਦੱਸਿਆ ਕਿ ਉਸ ਦੇ ਘਰ ਪੀਣ ਵਾਲੇ ਪਾਣੀ 'ਚ ਸੀਵਰੇਜ ਦਾ ਪਾਣੀ ਮਿਕਸ ਹੋ ਕੇ ਆ ਰਿਹਾ ਸੀ, ਅਰਥਾਤ ਕਾਲਾ ਪਾਣੀ ਆ ਰਿਹਾ ਸੀ। ਸਿਹਤ ਵਿਭਾਗ ਨੂੰ ਇਸ ਦੀ ਸ਼ਿਕਾਇਤ ਕੀਤੀ ਤਾਂ ਉਸ ਦੇ ਘਰ ਦੇ ਪਾਣੀ ਦੀ ਸੈਂਪਲਿੰਗ ਕੀਤੀ ਗਈ। ਉਨ੍ਹਾਂ ਨੂੰ ਪਹਿਲਾਂ ਹੀ ਪਤਾ ਸੀ ਕਿ ਘਰ ਦੇ ਪੀਣ ਵਾਲੇ ਪਾਣੀ ਦਾ ਸੈਂਪਲ ਫੇਲ੍ਹ ਆਵੇਗਾ। ਉਨ੍ਹਾਂ ਕਿਹਾ ਕਿ ਵਿਭਾਗ ਨੇ ਪੂਰੇ ਇਲਾਕੇ 'ਚੋਂ ਇਕ ਹੀ ਸੈਂਪਲ ਭਰਿਆ ਹੈ। ਜੇਕਰ ਹੋਰ ਥਾਵਾਂ ਤੋਂ ਸੈਂਪਲ ਭਰਿਆ ਜਾਵੇ ਤਾਂ ਨਤੀਜੇ ਹੋਰ ਵੀ ਡਰਾਉਣ ਵਾਲੇ ਸਾਹਮਣੇ ਆਉਣਗੇ। ਉਨ੍ਹਾਂ ਕਿਹਾ ਕਿ ਨਗਰ ਨਿਗਮ ਨੂੰ ਇਸ ਸਬੰਧੀ ਉਚਿਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਕਿ ਸਮਾਂ ਰਹਿੰਦੇ ਸਥਿਤੀ ਨੂੰ ਸੰਭਾਲਿਆ ਜਾ ਸਕੇ। ਫੇਲ੍ਹ ਸੈਂਪਲ 'ਚ ਸਿਹਤ ਵਿਭਾਗ ਵੱਲੋਂ ਜਿਸ ਤਰ੍ਹਾਂ ਪਾਣੀ ਨੂੰ ਪੀਣ ਦੇ ਯੋਗ ਕਰਾਰ ਨਹੀਂ ਦਿੱਤਾ, ਉਸ ਤੋਂ ਸਾਫ ਹੈ ਕਿ ਬੈਕਟੀਰੀਆ ਨਾਲ ਬਿਮਾਰੀ ਫੈਲ ਸਕਦੀ ਹੈ। ਦੱਸਣਯੋਗ ਹੈ ਕਿ ਪਿਛਲੇ ਸਾਲ ਵੀ ਪਿੰਡ ਅਲੀਪੁਰ ਸਮੇਤ ਕਈ ਥਾਵਾਂ 'ਤੇ ਸੀਵਰੇਜ ਦਾ ਪਾਣੀ ਪੀਣ ਵਾਲੇ ਪਾਣੀ 'ਚ ਮਿਕਸ ਹੋਣ ਕਾਰਨ ਬਿਮਾਰੀਆਂ ਫੈਲੀਆਂ ਸਨ। ਜੇਕਰ ਹੁਣ ਵੀ ਸਮਾਂ ਰਹਿੰਦੇ ਉਚਿਤ ਕਦਮ ਨਾ ਚੁੱਕੇ ਤਾਂ ਨਿਸ਼ਚਤ ਤੌਰ 'ਤੇ ਫੇਰ ਤੋਂ ਅਜਿਹੀ ਸਥਿਤੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਲਈ ਸਿਹਤ ਵਿਭਾਗ ਸਾਰੇ ਹੀ ਇਲਾਕਿਆਂ ਦੀ ਸੈਂਪਲਿੰਗ ਕਰਕੇ ਚੈਕਿੰਗ ਕਰਵਾਉਣੀ ਚਾਹੀਦੀ ਹੈ। ਇਸ ਸਬੰਧੀ ਜਦੋਂ ਨਗਰ ਨਿਗਮ ਦੇ ਜੇ. ਈ. ਕਾਰਤਿਕ ਗੋਇਲ ਨੂੰ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਸੰਜੀਵ ਕੁਮਾਰ ਦੇ ਘਰ ਨੂੰ ਜਾਣ ਵਾਲੇ ਪਾਣੀ ਦਾ ਕਨੈਕਸ਼ਨ ਪ੍ਰਾਈਵੇਟ ਹੈ।

## ਕੰਚਨ ਕੁਮਾਰੀ ਕਤਲ ਮਾਮਲੇ 'ਚ ਅੰਮ੍ਰਿਤਪਾਲ ਮਹਿਰੋਂ ਦਾ ਵੱਡਾ ਖ਼ੁਲਾਸਾ, ਬੋਲਿਆ- 'ਮਾਰਨ ਦਾ ਇਰਾਦਾ ਨਹੀਂ ਸੀ', ਪਰ...

**ਬਠਿੰਡਾ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਵੱਲੋਂ ਕਾਬੂ ਕੀਤੇ



ਮੁਲਜ਼ਮ ਅੰਮ੍ਰਿਤਪਾਲ ਸਿੰਘ ਮਹਿਰੋਂ ਨੇ ਹਾਲ ਹੀ ਵਿੱਚ ਵੱਡਾ ਖੁਲਾਸਾ ਕੀਤਾ ਹੈ। ਦੱਸ ਦੇਈਏ ਕਿ ਸੋਸ਼ਲ ਮੀਡੀਆ ਇੰਫਲੂਇੰਸਰ ਕਮਲ ਭਾਬੀ ਉਰਫ਼ ਕੰਚਨ ਕੁਮਾਰੀ ਦੇ ਕਤਲ ਮਾਮਲੇ 'ਚ ਮਹਿਰੋਂ ਨੇ ਪੁੱਛਗਿੱਛ ਦੌਰਾਨ ਵੱਡਾ ਖ਼ੁਲਾਸਾ ਕੀਤਾ। ਮੁਲਜ਼ਮ ਨੇ ਦੱਸਿਆ ਕਿ ਉਸ ਨੂੰ ਕੰਚਨ ਕੁਮਾਰੀ ਦੇ ਕਤਲ ਦਾ ਬੇਹੱਦ ਪਛਤਾਵਾ ਹੈ ਅਤੇ ਉਸ ਦਾ ਇਰਾਦਾ ਉਸ ਨੂੰ ਜਾਨੋਂ ਮਾਰਨ ਦਾ ਨਹੀਂ ਸੀ। ਪੁਲਿਸ ਪੁੱਛਗਿੱਛ ਦੌਰਾਨ ਉਸ ਨੇ ਦਾਅਵਾ ਕੀਤਾ ਕਿ ਇਹ ਕਤਲ ਅਣਜਾਣੇ 'ਚ ਹੋਇਆ, ਜਿਸ ਕਾਰਨ ਘਬਰਾਹਟ 'ਚ ਉਸ ਨੂੰ ਮੌਕੇ ਤੋਂ ਫ਼ਰਾਰ ਹੋਣਾ ਪਿਆ। ਡੀ. ਐੱਸ. ਪੀ. ਸਿਟੀ-2 ਸਰਬਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਮਹਿਰੋਂ ਨੇ ਪੁੱਛਗਿੱਛ ਦੌਰਾਨ ਆਪਣਾ ਗੁਨਾਹ ਕਬੂਲਦਿਆਂ ਪਛਤਾਵਾ ਜ਼ਾਹਰ ਕੀਤਾ ਹੈ। ਪੁਲਿਸ ਅਧਿਕਾਰੀ ਮੁਤਾਬਕ ਅਕਸਰ ਕਾਤਲ ਕਾਨੂੰਨੀ ਕਾਰਵਾਈ ਜਾਂ ਸਜ਼ਾ 'ਚ ਨਰਮੀ ਪਾਉਣ ਲਈ ਪੁੱਛਗਿੱਛ ਦੌਰਾਨ ਅਜਿਹੇ ਪਛਤਾਵੇ ਦਾ ਪ੍ਰਗਟਾਵਾ ਕਰਦੇ ਹਨ। ਮੁਲਜ਼ਮ ਕੋਲੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ, ਜਿਸ ਨਾਲ ਕਤਲ ਨਾਲ ਜੁੜੇ ਕਈ ਹੋਰ ਅਹਿਮ ਤੱਥ ਸਾਹਮਣੇ ਆਉਣ ਦੀ ਉਮੀਦ ਹੈ। ਜ਼ਿਕਰਯੋਗ ਹੈ ਕਿ ਮੁੱਖ ਮੁਲਜ਼ਮ ਅੰਮ੍ਰਿਤਪਾਲ ਸਿੰਘ ਮਹਿਰੋਂ ਇਸ ਵੇਲੇ ਪੁਲਿਸ ਰਿਮਾਂਡ 'ਤੇ ਹੈ। ਉਸ ਦੀ ਰਿਮਾਂਡ ਦੀ ਮਿਆਦ 15 ਅਪ੍ਰੈਲ ਨੂੰ ਖ਼ਤਮ ਹੋਵੇਗੀ, ਜਿਸ ਤੋਂ ਬਾਅਦ ਉਸ ਨੂੰ ਮੁੜ ਅਦਾਲਤ 'ਚ ਪੇਸ਼ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਜੂਨ 2025 'ਚ ਕੰਚਨ ਕੁਮਾਰੀ ਦਾ ਬੜੀ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ, ਜਿਸ ਨੇ ਪੂਰੇ ਪੰਜਾਬ 'ਚ ਸਹਿਮ ਦਾ ਮਾਹੌਲ ਪੈਦਾ ਕਰ ਦਿੱਤਾ ਸੀ। ਕੰਚਨ ਨੂੰ ਇੱਕ ਪ੍ਰਮੋਸ਼ਨਲ ਈਵੈਂਟ ਦੇ ਬਹਾਨੇ ਬਠਿੰਡਾ ਬੁਲਾਇਆ ਗਿਆ ਸੀ, ਜਿੱਥੇ 9-10 ਜੂਨ ਦੀ ਰਾਤ ਨੂੰ ਉਸ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ ਗਿਆ। ਵਾਰਦਾਤ ਤੋਂ ਤਿੰਨ ਦਿਨ ਬਾਅਦ ਉਸ ਦੀ ਲਾਸ਼ ਆਦਰਸ਼ ਯੂਨੀਵਰਸਿਟੀ ਦੀ ਪਾਰਕਿੰਗ 'ਚ ਖੜ੍ਹੀ ਇੱਕ ਕਾਰ ਵਿੱਚੋਂ ਬਰਾਮਦ ਹੋਈ ਸੀ। ਪੁਲਿਸ ਜਾਂਚ ਮੁਤਾਬਕ ਪਿੰਡ ਮਹਿਰੋਂ ਦਾ ਰਹਿਣ ਵਾਲਾ ਅੰਮ੍ਰਿਤਪਾਲ ਸਿੰਘ, ਜੋ ਕਿ ਇੱਕ ਨਿਹੰਗ ਸਿੰਘ ਹੈ, ਨੇ ਆਪਣੇ ਦੋ ਸਾਥੀਆਂ ਜਸਪ੍ਰੀਤ ਸਿੰਘ ਅਤੇ ਨਿਮਰਤਜੀਤ ਸਿੰਘ ਨਾਲ ਮਿਲ ਕੇ ਇਸ ਕਤਲ ਨੂੰ ਅੰਜਾਮ ਦਿੱਤਾ ਸੀ। ਮੁਲਜ਼ਮਾਂ ਦਾ ਦੋਸ਼ ਸੀ ਕਿ ਕੰਚਨ ਦਾ ਸੋਸ਼ਲ ਮੀਡੀਆ ਕੰਟੈਂਟ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾ ਰਿਹਾ ਸੀ। ਵਾਰਦਾਤ ਨੂੰ ਅੰਜਾਮ ਦੇਣ ਤੋਂ ਕੁਝ ਘੰਟੇ ਬਾਅਦ ਹੀ ਅੰਮ੍ਰਿਤਪਾਲ ਸਿੰਘ ਅੰਮ੍ਰਿਤਸਰ ਹਵਾਈ ਅੱਡੇ ਤੋਂ ਯੂ. ਏ. ਈ. ਫ਼ਰਾਰ ਹੋ ਗਿਆ ਸੀ।






ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਧੁਰਕੀ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net


# ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦਾ

# ਫ਼ਾਜ਼ਿਲਕਾ ਯੂਨਿਟ ਹੋਇਆ ਸਥਾਪਤ



ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ) :— ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਵੱਲੋਂ ਲਗਾਤਾਰ ਆਪਣੀਆਂ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ ਅਤੇ ਇਸੀ ਦੇ ਚਲਦਿਆਂ ਫ਼ਾਜ਼ਿਲਕਾ ਦੇ ਗੁਰਦੁਆਰਾ ਵਿਚ ਇਕ ਹੰਗਾਮੀ ਮੀਟਿੰਗ ਕਰਕੇ ਕਮੇਟੀ ਦਾ ਗਠਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਸਰਪ੍ਰਸਤ ਭਾਈ ਲਖਮੀਰ ਸਿੰਘ ਮਹਾਲਮ ਜ਼ਿਲ੍ਹਾ ਫ਼ਿਰੋਜ਼ਪੁਰ ਨੇ ਦੱਸਿਆ ਕਿ ਫ਼ਾਜ਼ਿਲਕਾ ਵਿਖੇ ਹੋਈ ਸੰਤੋਖ ਸਿੰਘ ਖਾਲਸਾ ਜ਼ਿਲ੍ਹਾ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਬਲਕਾਰ ਸਿੰਘ ਫ਼ਿਰੋਜ਼ਪੁਰ, ਜਗਤਾਰ ਸਿੰਘ ਮਹਾਲਮ ਦੀ ਹਾਜ਼ਰੀ ਵਿਚ ਹੋਈ ਮੀਟਿੰਗ ਦੌਰਾਨ ਫ਼ਾਜ਼ਿਲਕਾ ਵਿਚ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦਾ ਗਠਨ ਕੀਤਾ ਗਿਆ। ਇਸ ਦੌਰਾਨ ਬਲਜਿੰਦਰ ਸਿੰਘ ਖਾਲਸਾ ਨੂੰ ਜ਼ਿਲ੍ਹਾ ਪ੍ਰਧਾਨ ਬਣਾਇਆ ਅਤੇ ਹੋਰ ਸਹਿਯੋਗੀ ਜਿਵੇਂ ਕਿ ਭਾਈ ਅਜਾਇਬ ਸਿੰਘ, ਭਾਈ ਦਰਸ਼ਨ ਸਿੰਘ, ਭਾਈ ਜਰਨੈਲ ਸਿੰਘ, ਭਾਈ ਜਗਸੀਰ ਸਿੰਘ, ਭਾਈ ਬੂਟਾ ਸਿੰਘ, ਭਾਹੀ ਪਾਲਾ ਸਿੰਘ, ਭਾਈ ਸਵਰਨ ਸਿੰਘ ਨਿਹੰਗ ਸਿੰਘ, ਭਾਈ ਵੀਰ ਸਿੰਘ, ਸਰਬਜੀਤ ਸਿੰਘ, ਭਾਈ ਛਿੰਦਰਪਾਲ ਸਿੰਘ ਖਾਲਸਾ ਆਦਿ ਨੂੰ ਸਤਿਕਾਰ ਕਮੇਟੀ ਵਿਚ ਭਰਤੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਵੀਂ ਬਣੀ ਸਤਿਕਾਰ ਕਮੇਟੀ ਮੈਂਬਰਾਂ ਨੇ ਪ੍ਰਣ ਕੀਤਾ ਕਿ ਅਸੀਂ ਸਿੱਖੀ ਦਾ ਪ੍ਰਚਾਰ ਕਰਾਂਗੇ, ਹੋ ਰਹੀਆਂ ਬੇਅਦਬੀਆਂ, ਧੱਕੇਸ਼ਾਹੀਆਂ ਖਿਲਾਫ ਆਵਾਜ਼ ਬੁਲੰਦ ਕਰਾਂਗੇ ਅਤੇ ਹਰ ਤਰ੍ਹਾਂ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਮਰਪਿਤ ਹੋ ਕੇ ਤਨ, ਮਨ, ਧਨ ਨਾਲ ਸਿੱਖ ਕੌਮ ਅਤੇ ਪੰਥ ਦੀ ਸੇਵਾ ਕਰਾਂਗੇ। ਗੁਰੂ ਦੀ ਹਾਜ਼ਰੀ ਵਿਚ ਪ੍ਰਧਾਨ ਲਖਬੀਰ ਸਿੰਘ ਅਤੇ ਸੰਤੋਖ ਸਿੰਘ ਬੱਗੇ ਕੇ ਪਿੱਲ ਵੱਲੋਂ ਨਵੀਂ ਬਣੀ ਕਮੇਟੀ ਨੂੰ ਵਧਾਈ ਦਿੱਤੀ ਅਤੇ ਸਿਰੋਪੇ ਪਾ ਕੇ ਸਨਮਾਨਿਤ ਕੀਤਾ।

# ਛੱਜਲਵੱਡੀ ਵਿਖੇ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਨ ਮਨਾਇਆ



**ਬਾਬਾ ਬਕਾਲਾ ਸਾਹਿਬ, 14 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿੰਡ ਛੱਜਲਵਡੀ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦਾ ਜਨਮ ਦਿਨ ਸਵਿੰਦਰ ਸਿੰਘ ਛੱਜਲਵੱਡੀ ਦੇ ਗ੍ਰਹਿ ਵਿਖੇ ਮਨਾਇਆ ਗਿਆ ਅਤੇ ਖੁਸ਼ੀ ਵਿੱਚ ਲੱਡੂ ਵੰਡੇ ਗਏ । ਇਸ ਮੌਕੇ ਬਲਕਾਰ ਸਿੰਘ ਦੇਬਾ, ਨਿਰਮਲ ਸਿੰਘ, ਸਵਿੰਦਰ ਸਿੰਘ, ਸੂਬੇਦਾਰ ਦਿਲਬਾਗ ਸਿੰਘ, ਅਜੀਤ ਸਿੰਘ ਨੇ ਡਾਲਟਰ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਬਾਬਾ ਸਾਹਿਬ ਦੀ ਜੀਵਨੀ ਤੋਂ ਸੰਗਤਾਂ ਨੂੰ ਜਾਣੂ ਕਰਾਇਆ ।ਇਸ ਮੌਕੇ ਇੰਦਰਬੀਰ ਸਿੰਘ ਰਸਲ,ਸਕੱਤਰ ਸਿੰਘ ਲਾਡੀ ਪੰਪ ਵਾਲੇ, ਪੰਚ ਕੁਲਵੰਤ ਸਿੰਘ, ਪੰਚ ਮਨਜੀਤ ਕੌਰ,ਪੰਚ ਪ੍ਰਗਟ ਸਿੰਘ, ਥਾਣੇਦਾਰ ਕੁਲਵੰਤ ਸਿੰਘ, ਪਤਵਿੰਦਰ ਸਿੰਘ ਡਿਪਟੀ, ਟੇਲਰ ਜਗਤਾਰ ਸਿੰਘ, ਰਣਜੀਤ ਸਿੰਘ ਰਾਣਾ, ,ਸੁੱਚਾ ਸਿੰਘ, ਰਮੇਸ਼ ਸਿੰਘ, ਬਾਬਾ ਸੁਰਜੀਤ ਸਿੰਘ, ਸਵਿੰਦਰ ਸਿੰਘ ਬੱਸਾਂ ਵਾਲੇ ,ਮੁਖਤਾਰ ਸਿੰਘ ਮਨਿੰਦਰ ਸਿੰਘ, ਲੱਖਾ ਸਿੰਘ, ਅਮਰ ਸਿੰਘ, ਗੁਰਜੀਤ ਸਿੰਘ, ਦਲੇਰ ਸਿੰਘ, ਮਨਜੀਤ ਕੌਰ, ਗੁਰਜੀਤ ਕੌਰ, ਕਵਲਜੀਤ ਕੌਰ, ਪਰਮਜੀਤ ਕੌਰ ਪੂਜਾ, ਬਲਜੀਤ ਕੌਰ, ਰਮਨ ਕੌਰ, ਬਲਜਿੰਦਰ ਕੌਰ, ਰਾਜ ਕੌਰ, ਰਣਜੀਤ ਕੌਰ ਆਦਿ ਹਾਜ਼ਰ ਸਨ।

ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ

# ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ






**ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ)** :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਬਲਾਈਡ ਹੋਮ ਮਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਦੀਵਾਨ ਚੰਦ ਸੁਖੀਜਾ ਚੇਅਰਮੈਨ, ਪਰਵੀਨ ਧਵਨ ਜਨਰਲ ਸਕੱਤਰ, ਰਮੇਸ਼ ਬਜਾਜ ਸੀਨੀਅਰ ਮੀਤ ਪ੍ਰਧਾਨ, ਰਾਮ ਕਿਸ਼ੋਰ ਕੋਆਰਡੀਨੇਟਰ, ਪੁਸ਼ਪਲਤਾ ਜੁਆਇੰਟ ਸਕੱਤਰ, ਜੀਵਨ ਗਰੋਵਰ, ਅਵਿਨਾਸ਼ ਤਲਵਾੜ, ਅਗਮ ਸਚਦੇਵਾ, ਸਤਪਾਲ ਖੁਰਾਣਾ, ਅਮਰਨਾਥ ਗੁਪਤਾ, ਸ਼ਾਮ ਬਿਹਾਰੀ, ਅਵਤਾਰ ਸਿੰਘ ਭੋਲਾ ਐਸ.ਡੀ.ਓ, ਸੁਰਿੰਦਰ ਸਿੰਘ, ਨੰਦ ਲਾਲ ਧਵਨ, ਮਨੋਹਰ ਲਾਲ ਪੱਤਰਕਾਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਸ੍ਰੀ ਦੀਵਾਨ ਚੰਦ ਸੁਖੀਜਾ ਚੇਅਰਮੈਨ ਨੇ ਸਭ ਤੋਂ ਪਹਿਲਾਂ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ 13 ਅਪ੍ਰੈਲ 1699 ਨੂੰ ਖਾਲਸੇ ਦਾ ਜਨਮ ਹੋਇਆ, ਇਸ ਮੌਕੇ ਤੇ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ ਨੇ ਕਿਹਾ ਕਿ ਸਾਨੂੰ ਵਿਸਾਖੀ ਦਿਹਾੜਾ ਇਸ ਲਈ ਮਨਾਉਂਦੇ ਹਾਂ, ਕਿਉਂਕਿ ਇਸ ਦਿਨ ਕਿਸਾਨਾਂ ਦੀਆਂ ਫਸਲਾਂ ਪੱਕ ਕੇ ਤਿਆਰ ਹੋ ਜਾਂਦੀਆਂ ਹਨ। ਇਸ ਤੋਂ ਇਲਾਵਾ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਅਨੰਦਪੁਰ ਦੀ ਧਰਤੀ ਤੇ ਖਾਲਸਾ ਬਨਾਇਆ ਅਤੇ ਖਾਲਸੇ ਦਾ ਜਨਮ ਹੋਇਆ। ਇਸ ਮੌਕੇ ਤੇ ਪਰਵੀਨ ਧਵਨ ਜਨਰਲ ਸਕੱਤਰ ਨੇ ਵੀ ਸਮੂਹ ਆਏ ਹੋਏ ਮੈਂਬਰਾਂ ਅਤੇ ਅਹੁਦੇਦਾਰਾਂ ਨੂੰ ਵਿਸਾਖੀ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਸ੍ਰੀ ਰਮੇਸ਼ ਬਜਾਜ ਸੀਨੀਅਰ ਮੀਤ ਪ੍ਰਧਾਨ ਨੇ ਕੰਜਕ ਪੂਜਨ ਵੀ ਕੀਤਾ ਅਤੇ ਕੰਨਿਆ ਕੋਲੋਂ ਅਸ਼ੀਰਵਾਦ ਲਿਆ। ਇਸ ਮੌਕੇ ਤੇ ਰਮੇਸ਼ ਬਜਾਜ ਸੀਨੀਅਰ ਮੀਤ ਪ੍ਰਧਾਨ ਨੇ ਬੱਚੀਆਂ ਨੂੰ ਤਿਲ ਭੇਟਾਂ ਭੇਂਟ ਕੀਤੀਆਂ। ਇਸ ਤੋਂ ਇਲਾਵਾ ਚੇਅਰਮੈਨ ਦੀਵਾਨ ਚੰਦ ਸੁਖੀਜਾ ਨੇ ਵੀ ਕੰਨਿਆਂ ਤੋਂ ਅਸ਼ੀਰਵਾਦ ਲਿਆ। ਇਸ ਮੌਕੇ ਤੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਰਮੇਸ਼ ਬਜਾਜ ਨੇ ਕਿਹਾ ਕਿ ਅੱਜ ਸ੍ਰੀ ਭੀਮ ਰਾਏ ਅੰਬੇਦਕਰ ਜੀ ਦਾ ਜਨਮ ਦਿਨ ਹੈ, ਉਨ੍ਹਾਂ ਸਮੂਹ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਸ੍ਰੀ ਰਮੇਸ਼ ਬਜਾਜ ਸੀਨੀਅਰ ਮੀਤ ਪ੍ਰਧਾਨ ਨੇ ਦੋ ਕੰਨਿਆ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਸ: ਅਵਤਾਰ ਸਿੰਘ ਭੋਲਾ ਜ਼ੋ ਕਿ ਨਵੇਂ ਮੈਂਬਰ ਬਣੇ ਹਨ ਨੂੰ ਤਾਲੀਆਂ ਮਾਰ ਕੇ ਸਵਾਗਤ ਕੀਤਾ ਅਤੇ ਜੀ ਆਇਆ ਆਖਿਆ। ਇਸ ਮੌਕੇ ਤੇ ਮਿਠਾਈ ਅਤੇ ਪਕੌੜਿਆਂ ਦਾ ਲੰਗਰ ਅਤੇ ਠੰਡੇ ਦਾ ਲੰਗਰ ਅਤੁੱਟ ਵਰਤਾਏ ਗਏ।

# ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਤਲਵੰਡੀ ਸਾਬੋ ਹਸਪਤਾਲ ਦੇ ਐੱਸਐੱਮਓ ਦੁਆਰਾ ਖ਼ੂਨਦਾਨ ਕਰਕੇ ਕੀਤੀ ਕੈਂਪ ਦੀ ਸ਼ੁਰੂਆਤ




ਤਲਵੰਡੀ ਸਾਬੋ, 14 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-ਸਿਹਤ ਵਿਭਾਗ ਬਠਿੰਡਾ ਦੁਆਰਾ ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਦੀ ਯੋਗ ਅਗਵਾਈ ਹੇਠ ਅਤੇ ਸਬ ਡਵੀਜ਼ਨਲ ਦੇ ਐੱਸ.ਐੱਮ.ਓ. ਡਾ. ਰਵੀ ਕਾਂਤ ਦੀ ਸਮੁੱਚੀ ਦੇਖ ਰੇਖ ਹੇਠ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਲਗਾਏ ਗਏ ਇਸ ਕੈਂਪ ਬਾਰੇ ਜਾਣਕਾਰੀ ਦਿੰਦਿਆਂ ਬਲੱਡ ਬੈਂਕ ਦੇ ਡਾਕਟਰ ਰਿਤਿਕਾ ਅਤੇ ਡਾਕਟਰ ਗੂੰਜਣ ਨੇ ਦੱਸਿਆ ਕਿ ਵਿਸਾਖੀ ਦੇ ਮੌਕੇ 'ਤੇ ਜਿੱਥੇ ਸੰਗਤਾਂ ਨਤਮਸਤਕ ਹੋਣ ਪਹੁੰਚ ਰਹੀਆਂ ਹਨ, ਉੱਥੇ ਹੀ ਸਿਹਤ ਵਿਭਾਗ ਬਠਿੰਡਾ ਵੱਲੋਂ ਮਾਨਵਤਾ ਦੀ ਭਲਾਈ ਲਈ ਇਹ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਅਕਸਰ ਬਲੱਡ ਬੈਂਕਾਂ ਵਿੱਚ ਖ਼ੂਨ ਦੀ ਕਮੀ ਹੋ ਜਾਂਦੀ ਹੈ, ਜਿਸ ਨੂੰ ਪੂਰਾ ਕਰਨ ਲਈ ਇਹ 140 ਯੂਨਿਟ ਖ਼ੂਨ ਬਹੁਤ ਸਹਾਇਕ ਸਿੱਧ ਹੋਵੇਗਾ। ਐੱਸ ਐਮ ਓ ਦੀ ਪ੍ਰੇਰਨਾ ਸਦਕਾ ਸਿਹਤ ਕਰਮਚਾਰੀਆਂ ਅਤੇ ਪੁਲਿਸ ਕਰਮਚਾਰੀਆਂ ਸਮੇਤ 65 ਲੋਕਾਂ ਨੇ ਖ਼ੂਨ ਦਾਨ ਕੀਤਾ। ਇਸ ਮੌਕੇ ਡਾ. ਅੰਕੁਰ ਸਿੰਗਲਾ ਮਨੋਰੋਗ ਮਾਹਰ ਨੇ ਵੀ ਖ਼ੂਨ ਦਾਨ ਕਰਕੇ ਲੋਕਾਂ ਨੂੰ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਜਗਸੀਰ ਸਿੰਘ ਸਬ ਇੰਸਪੈਕਟਰ, ਪੰਜਾਬ ਪੁਲਿਸ, ਸੁਰਿੰਦਰ ਸ਼ਰਮਾ ਹੈੱਡ ਕਾਂਸਟੇਬਲ, ਪੰਜਾਬ ਪੁਲਿਸ, ਸੀਨੀਅਰ ਫਾਰਮੇਸੀ ਅਫਸਰ ਜਸਬੀਰ ਸਿੰਘ, ਰੇਡੀਓਗ੍ਰਾਫਰ ਵਰਿੰਦਰ ਸਿੰਘ, ਫਾਰਮੇਸੀ ਅਫਸਰ ਗਗਨਦੀਪ ਕੌਰ ਸੰਧੂ ਵੱਲੋਂ ਵੀ ਬਲੱਡ ਡੋਨੇਸ਼ਨ ਕੀਤਾ ਗਿਆ। ਕੈਂਪ ਦੌਰਾਨ ਤਲਵੰਡੀ ਸਾਬੋ ਅਤੇ ਆਲੇ-ਦੁਆਲੇ ਦੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ। ਕਈ ਨੌਜਵਾਨਾਂ ਨੇ ਜ਼ਿੰਦਗੀ ਵਿੱਚ ਪਹਿਲੀ ਵਾਰ ਖ਼ੂਨਦਾਨ ਕਰਕੇ ਇਸ ਨੇਕ ਕਾਰਜ ਵਿੱਚ ਹਿੱਸਾ ਪਾਇਆ। ਹਸਪਤਾਲ ਪ੍ਰਬੰਧਕਾਂ ਵੱਲੋਂ ਸਮੂਹ ਖ਼ੂਨਦਾਨੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਰਿਫ੍ਰੈਸ਼ਮੈਂਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਰਵੀ ਕਾਂਤ ਨੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਦਿਆਂ ਕਿਹਾ ਕਿ ਖ਼ੂਨਦਾਨ ਕਰਨ ਨਾਲ ਸਰੀਰ 'ਤੇ ਕੋਈ ਮਾੜਾ ਪ੍ਰਭਾਵ ਨਹੀਂ ਪੈਂਦਾ, ਸਗੋਂ ਇਸ ਨਾਲ ਨਵਾਂ ਖ਼ੂਨ ਬਣਦਾ ਹੈ ਜੋ ਸਿਹਤ ਲਈ ਫਾਇਦੇਮੰਦ ਹੈ। ਉਨ੍ਹਾਂ ਅਪੀਲ ਕੀਤੀ ਕਿ ਹਰ ਤੰਦਰੁਸਤ ਵਿਅਕਤੀ ਨੂੰ ਸਾਲ ਵਿੱਚ ਘੱਟੋ-ਘੱਟ ਦੋ ਵਾਰ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ। ਇਸ ਮੌਕੇ ਹਸਪਤਾਲ ਦੇ ਸਮੂਹ ਪੈਰਾ-ਮੈਡੀਕਲ ਸਟਾਫ਼, ਪੰਜਾਬ ਪੁਲਿਸ ਦੇ ਜਵਾਨਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਦੁਆਰਾ ਖ਼ੂਨ ਦਾਨ ਕਰਕੇ ਹਾਜ਼ਰੀ ਭਰੀ।

# ਬਸਪਾ ਦੀ ਸਰਕਾਰ ਆਉਣ ਤੇ ਸਾਰੇ ਵਰਗਾਂ ਦੇ ਹੱਕ ਵਿੱਚ ਇਤਿਹਾਸਕ ਫੈਸਲੇ ਕੀਤੇ ਜਾਣਗੇ; ਬੈਣੀਵਾਲ, ਪ੍ਰਤਾਪ, ਕਰੀਮਪੁਰੀ



ਧੂਰੀ ( ਰਣਜੀਤ ਸਿੰਘ ਪੇਧਨੀ ) ਅੱਜ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਜੀ ਦੇ ਜਨਮ ਦਿਨ ਅਤੇ ਬਹੁਜਨ ਸਮਾਜ ਪਾਰਟ ਦੇ ਸਥਾਪਨਾ ਦਿਵਸ ਦੇ ਸ਼ੁਭ ਅਵਸਰ 'ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਧੂਰੀ ਵਿਖੇ ਬਹੁਜਨ ਸਮਾਜ ਪਾਰਟੀ ਵੱਲੋਂ ਇੱਕ ਵਿਸ਼ਾਲ 'ਸੱਤਾ ਪ੍ਰਾਪਤ ਕਰੋ ਇਤਿਹਾਸਕ ਰੈਲੀ' ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਸ੍ਰੀ ਰਣਧੀਰ ਸਿੰਘ ਬੈਣੀਵਾਲ (ਕੇਂਦਰੀ ਕੋਆਰਡੀਨੇਟਰ, ਬਸਪਾ) ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ, ਸ੍ਰੀ ਪ੍ਰਤਾਪ ਸਿੰਘ (ਕੇਂਦਰੀ ਇਨਚਾਰਜ, ਬਸਪਾ ਪੰਜਾਬ) ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਬੁਲਾਰਿਆਂ ਨੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਨੇ ਦੇਸ਼ ਨੂੰ ਜੋ ਸੰਵਿਧਾਨ ਦਿੱਤਾ, ਉਸਦਾ ਮਕਸਦ ਸਭ ਨੂੰ ਬਰਾਬਰੀ ਦੇਣਾ ਸੀ। ਅੱਜ ਬਹੁਜਨ ਸਮਾਜ ਪਾਰਟੀ ਉਹਨਾਂ ਦੀ ਸੋਚ ਦੇ ਪਹਿਰੇਦਾਰ ਵਜੋਂ ਪੂਰੇ ਦੇਸ਼ ਵਿੱਚ ਕੰਮ ਕਰ ਰਹੀ ਹੈ। ਅਸੀਂ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਬਸਪਾ ਦੇ ਝੰਡੇ ਹੇਠ ਇਕੱਠੇ ਹੋਣਾ ਚਾਹੀਦਾ ਹੈ। ਆਗੂਆਂ ਨੇ ਕਿਹਾ ਕਿ ਜਿੱਥੇ ਅਸੀਂ ਬਾਬਾ ਸਾਹਿਬ ਦਾ ਜਨਮ ਦਿਨ ਮਨਾ ਰਹੇ ਹਾਂ, ਉੱਥੇ ਹੀ ਬਸਪਾ ਦੇ ਸਥਾਪਨਾ ਦਿਵਸ 'ਤੇ ਅਸੀਂ ਪ੍ਰਣ ਕਰਦੇ ਹਾਂ ਕਿ ਪੰਜਾਬ ਵਿੱਚ ਫੈਲੀ ਬਦਹਾਲੀ ਨੂੰ ਖਤਮ ਕਰਕੇ ਬਹੁਜਨਾਂ ਦੀ ਸੱਤਾ ਸਥਾਪਿਤ ਕੀਤੀ ਜਾਵੇਗੀ। ਆਗੂਆਂ ਨੇ ਜਿੱਥੇ ਬਾਬਾ ਸਾਹਿਬ ਦੇ ਜਨਮ ਦਿਨ, ਵਿਸਾਖੀ ਅਤੇ ਪਾਰਟੀ ਦੇ ਸਥਾਪਨਾ ਦਿਵਸ ਦੀ ਵਧਾਈ ਦਿੱਤੀ, ਉੱਥੇ ਹੀ ਮੁੱਖ ਮੰਤਰੀ ਭਗਵੰਤ ਮਾਨ 'ਤੇ ਸਵਾਲਾਂ ਦੀ ਬੌਛਾੜ ਕਰਦਿਆਂ ਪੰਜਾਬ ਸਰਕਾਰ ਨੂੰ ਕਟਹਿਰੇ ਵਿੱਚ ਖੜ੍ਹਾ ਕੀਤਾ। ਆਗੂਆਂ ਨੇ ਕਿਹਾ ਕਿ ਪੰਜਾਬ ਅੰਦਰ 9 ਜਗ੍ਹਾ ਡਾ ਅੰਬੇਡਕਰ ਜੀ ਦੇ ਬੁੱਤ ਕਿਉਂ ਤੋੜੇ ਗਏ ? ਸਰਕਾਰ ਜਵਾਬ ਦੇਵੇ ਕਿ ਇਹਨਾਂ ਬੁੱਤਾਂ ਦੀ ਸੁਰੱਖਿਆ ਕਿਉਂ ਨਹੀਂ ਕੀਤੀ ਗਈ । ਪਿੰਡ ਕਲੋਲੀ ਵਿਖੇ ਰਜਵਾੜਿਆਂ ਵੱਲੋਂ ਬਾਬਾ ਸਾਹਿਬ ਦਾ ਬੁੱਤ ਅਖਾੜਿਆ ਗਿਆ, ਪਰ ਸਰਕਾਰ ਨੇ ਹਾਲੇ ਤੱਕ ਕੋਈ ਕਾਰਵਾਈ ਕਿਉਂ ਨਹੀਂ ਕੀਤੀ ਅਤੇ ਨਾ ਹੀ ਬੁੱਤ ਦੁਬਾਰਾ ਲਗਵਾਇਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਦੀ ਸ਼ਾਨਦਾਰ ਕਾਮਯਾਬੀ

# ਖਾਲਸਾ ਕਾਲਜ ਮਹਿਤਾ ਦੇ ਬੀ.ਏ / ਬੀ.ਐਸ.ਸੀ ਦਾ ਨਤੀਜਾ 100 ਫ਼ੀਸਦੀ ਰਿਹਾ



**ਚੌਕ ਮਹਿਤਾ,14 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ.ਏ /ਬੀ.ਐਸ.ਸੀ ਸਮੈਸਟਰ ਪਹਿਲੇ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ । ਇਹਨਾਂ ਨਤੀਜਿਆ ਵਿੱਚ ਬੀ.ਏ/ਬੀ.ਐਸ.ਸੀ ਸਮੈਸਟਰ ਪਹਿਲੇ ਦੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਬੀ.ਏ ਦੀ ਸਿਮਰਨਜੀਤ ਕੌਰ, ਅਰਸ਼ਦੀਪ ਕੌਰ ,ਮਨਜੋਤ ਕੌਰ ,ਬੀ.ਐਸ.ਸੀ ਦੇ ਨਵਰੀਨ ਕੌਰ, ਮਾਨਸਮੀਤ ਸਿੰਘ ਅਤੇ ਸ਼ਾਨਵੀਰ ਸਿੰਘ ,ਅਰਮਾਨਪ੍ਰੀਤ ਸਿੰਘ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਇਸ ਸਾਲ ਸਾਡੇ ਕਾਲਜ ਨੇ ਅਕਾਦਮਿਕ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ। ਇਹ ਨਤੀਜਾ ਇਥੇ ਸਾਡੀ ਟੀਮ ਵਰਕ, ਵਿਦਿਆਰਥੀਆਂ ਦੀ ਮਿਹਨਤ ,ਅਧਿਆਪਕਾਂ ਦੀ ਸੱਚੇ ਨਿਭਾਏ ਗਏ ਫਰਜ਼ ਅਤੇ ਮਾਪਿਆਂ ਦੇ ਵਿਸ਼ਵਾਸ ਦਾ ਪਰਿਣਾਮ ਹੈ ਉਹਨਾਂ ਨੇ ਵਿਦਿਆਰਥੀਆ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ।

ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ,ਗੁਰਸ਼ਰਨਪ੍ਰੀਤ ਕੌਰ,ਸੁਖਮਨਦੀਪ ਕੌਰ,ਅਰਸ਼ਦੀਪ ਕੌਰ , ਬਲਜੀਤ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।

ਆਵਾਜ਼ਿ ਕੌਮ AWAZE QAUM International Newspaper & WEB TV

### ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾਂ ਵਿਖੇ

# ਵਿਸਾਖੀ ਮੇਲਾ ਮਨਾਇਆ










**ਬਰਨਾਲਾ** -(ਵਰਿਆਮ ਹਠੂਰ) ਜਿਲ੍ਹਾ ਬਰਨਾਲਾ ਦੇ ਪਿੰਡ ਦੀਵਾਨਾ ਵਿਖੇ ਸਥਿੱਤ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੀ ਮੈਨੇਜਮੈਂਟ, ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਰਲ ਮਿਲ ਕੇ ਹਰ ਸਾਲ ਦੀ ਤਰ੍ਹਾਂ ਵਿਸਾਖੀ ਮੇਲਾ ਮਨਾਇਆ ਗਿਆ, ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਸਕੂਲ ਸਟਾਫ ਵੱਲੋਂ ਬੱਚਿਆਂ ਨੂੰ ਖਾਲਸਾ ਸਾਜਨਾ ਦਿਵਸ ਬਾਰੇ ਵਿਸਥਾਰ ਪੂਰਬਕ ਜਾਣਕਾਰੀ ਦਿੱਤੀ ਗਈ, ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਦੀਵਾਨਾ ਨੇ ਬੋਲਦਿਆਂ ਕਿਹਾ ਕਿ ਸਾਡੀ ਕੌਮ ਦਾ ਇਤਿਹਾਸ ਬੜਾ ਸ਼ਾਨਮੱਤਾ ਇਤਿਹਾਸ ਹੈ । ਤੇ ਸਾਨੂੰ ਆਪਣੇ ਅਤੀਤ ਨੂੰ ਨਹੀਂ ਭੁੱਲਣਾ ਚਾਹੀਦਾ ਅਤੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਪੁਰਾਤਨ ਸੱਭਿਆਚਾਰ ਤੋਂ ਸਿੱਖ ਕੇ ਹੱਥੀਂ ਕਿਰਤ ਕਰਨੀ ਚਾਹੀਦੀ ਹੈ ਅਤੇ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ। ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਪੁਰਾਤਨ ਪੰਜਾਬੀ ਵਿਰਸੇ ਨਾਲ ਜੋੜਨ ਲਈ ਪੁਰਾਤਨ ਵਸਤਾਂ ਜਿਵੇਂ ਕਿ ਗੱਡਾ, ਮਧਾਣੀਆਂ, ਚਰਖੇ, ਫੁਲਕਾਰੀਆਂ, ਲਾਲਟੈਣ, ਹਲ ਪੰਜਾਲੀ, ਅਤੇ ਪੇਂਡੂ ਚੁੱਲ੍ਹਾ ਆਦਿ ਨੂੰ ਵਿਸਾਖੀ ਮੇਲੇ ਦਾ ਸ਼ਿੰਗਾਰ ਬਣਾਇਆ ਤੇ ਸਕੂਲ ਦੇ ਬੱਚਿਆਂ ਨੂੰ ਹਰ ਚੀਜ਼ ਤੋਂ ਜਾਣੂੰ ਕਰਵਾਇਆ ਕਿ ਕਿਸ ਤਰ੍ਹਾਂ ਇਹ ਸਭ ਚੀਜ਼ਾਂ ਸਾਡੇ ਪੰਜਾਬੀ ਪੁਰਾਤਨ ਵਿਰਸੇ ਦਾ ਸ਼ਿੰਗਾਰ ਹੁੰਦੀਆਂ ਸਨ ।ਤੇ ਸਾਨੂੰ ਸਾਡੇ ਪੁਰਾਤਨ ਸੱਭਿਆਚਾਰ ਅਮੀਰ ਵਿਰਸੇ ਨਾਲ ਜੁੜੇ ਰਹਿਣਾ ਚਾਹੀਦਾ ਹੈ। ਇਸ ਮੌਕੇ ਤੇ ਬੱਚਿਆਂ ਨੇ ਖੂਬ ਮਨੋਰੰਜਨ ਕੀਤਾ ਅਤੇ ਬੱਚਿਆਂ ਦੁਆਰਾ ਇਸ ਮੌਕੇ ਭੰਗੜਾ, ਗਿੱਧਾ ਅਤੇ ਕੋਰਿਓਗ੍ਰਾਫ਼ੀਆਂ ਵੀ ਪੇਸ਼ ਕੀਤੀਆਂ, ਸਕੂਲ ਵੱਲੋਂ ਵਿਸਾਖੀ ਨੂੰ ਮੁੱਖ ਰੱਖਦਿਆਂ ਕਰਵਾਏ ਗਏ ਪ੍ਰੋਗਰਾਮ ਨੂੰ ਚਾਰ ਚੰਨ ਲੱਗ ਗਏ ਤੇ ਬੱਚਿਆਂ ਨੇ ਪੁਰਾਤਨ ਸੱਭਿਆਚਾਰ ਬਾਰੇ ਭਰਪੂਰ ਜਾਣਕਾਰੀ ਪ੍ਰਾਪਤ ਕੀਤੀ ।ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਖੇਤਾਂ ਵਿੱਚ ਲਿਜਾ ਕੇ ਪੱਕੀਆਂ ਫ਼ਸਲਾਂ ਵਿਖਾਈਆਂ ਤੇ ਪੁਰਾਤਨ ਸਮੇਂ ਵਿੱਚ ਕਿਸ ਤਰ੍ਹਾਂ ਲੋਕ ਹੱਥੀਂ ਕਣਕ ਦੀ ਵਾਢੀ ਕਰਦੇ ਸਨ ਤੇ ਹੱਥੀਂ ਕੰਮ ਕਰਨ ਬਾਰੇ ਵਿਸਥਾਰ ਪੂਰਬਕ ਜਾਣਕਾਰੀ ਦਿੱਤੀ, ਬੱਚਿਆਂ ਨੇ ਸਕੂਲ ਮੈਨੇਜਮੈਂਟ, ਸਕੂਲ ਸਟਾਫ਼ ਅਤੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਦੀਵਾਨਾ ਦਾ ਵਧੀਆ ਪ੍ਰੋਗਰਾਮ ਕਰਵਾਉਣ ਲਈ ਧੰਨਵਾਦ ਕੀਤਾ, ਅੰਤ ਵਿੱਚ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਸਮੂਹ ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਵਿਸਾਖੀ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ, ਤੇ ਸਕੂਲ ਦੇ ਬੱਚੇ ਪ੍ਰੋਗਰਾਮ ਦੌਰਾਨ ਬੇਹੱਦ ਖੁਸ਼ ਨਜ਼ਰ ਆਏ, ਇਸ ਮੌਕੇ ਸਕੂਲ ਮੈਨੇਜਮੈਂਟ, ਸਕੂਲ ਸਟਾਫ਼ ਅਤੇ ਸਕੂਲ ਦੇ ਬੱਚੇ ਹਾਜ਼ਰ ਸਨ।

### ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਪੰਜਾਬੀ ਵਿਰਸੇ ਤੋਂ ਜਾਣੂੰ ਕਰਵਾਇਆ ਤੇ ਵਿਸਾਖੀ ਦੀਆਂ ਮੁਬਾਰਕਾਂ ਦਿੱਤੀਆਂ

ਆਵਾਜ਼ਿ ਕੌਮ AWAZE QAUM International Newspaper & WEB TV

# ਡਾ. ਬੀ.ਆਰ. ਅੰਬੇਡਕਰ ਵੱਲੋਂ ਲਿਆ ਸੁਪਨਾ ਸਾਕਾਰ ਕਰਨ ਲਈ ਰਲਕੇ ਹੰਭਲਾ ਮਾਰਨ ਦੀ ਲੋੜ : ਚੇਅਰਮੈਨ ਦਲਵੀਰ ਸਿੰਘ ਢਿੱਲੋਂ

### ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਡਾ. ਅੰਬੇਡਕਰ ਤੇ ਸ਼ਹੀਦ ਭਗਤ ਸਿੰਘ ਦੀ ਸੋਚ ਨੂੰ ਅੱਗੇ ਵਧਾਇਆ : ਚੇਅਰਮੈਨ ਰਾਜਵੰਤ ਸਿੰਘ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਅੱਜ ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਵਿਖੇ ਕਰਵਾਏ ਸਮਾਗਮ ਦੌਰਾਨ ਡਾ. ਬੀ.ਆਰ. ਅੰਬੇਡਕਰ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਗਿਆ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ ਵੀ ਮੌਜੂਦ ਸਨ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਜੋ ਸੁਪਨਾ ਲਿਆ ਸੀ, ਉਸਨੂੰ ਸਾਕਾਰ ਕਰਨ ਲਈ ਸਾਨੂੰ ਸਾਰਿਆਂ ਨੂੰ ਰਲਕੇ ਹੰਭਲਾ ਮਾਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਸਾਡੇ ਰੋਲ ਮਾਡਲ ਹਨ, ਉਨ੍ਹਾਂ ਦੀ ਸੋਚ 'ਤੇ ਪਹਿਰਾ ਦੇਕੇ ਅਤੇ ਦਿੱਤੇ ਸਿਧਾਂਤ, ਪੜ੍ਹੋ, ਜੁੜੋ ਤੇ ਸੰਘਰਸ਼ ਕਰੋ 'ਤੇ ਚਲਦਿਆਂ ਹੀ ਸਮਾਜ ਨੂੰ ਤਰੱਕੀ ਦੀ ਰਾਹ 'ਤੇ ਲਿਜਾਇਆ ਜਾ ਸਕਦਾ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਡਾ. ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਦੀ ਸੋਚ ਨੂੰ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਦਫ਼ਤਰਾਂ ਵਿੱਚ ਇਨ੍ਹਾਂ ਦੀਆਂ ਤਸਵੀਰਾਂ ਲਗਾਉਣ ਦਾ ਉਦੇਸ਼ ਉਨ੍ਹਾਂ ਦੇ ਯੋਗਦਾਨ ਨੂੰ ਸਦਾ ਯਾਦ ਰੱਖਣਾ ਅਤੇ ਨਵੀਂ ਪੀੜ੍ਹੀ ਨੂੰ ਪ੍ਰੇਰਿਤ ਕਰਨਾ ਹੈ। ਇਸ ਮੌਕੇ ਡਾ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ,ਅਨਿਲ ਮਿੱਤਲ, ਜਗਸੀਰ ਸਿੰਘ, ਸਰਪੰਚ ਰਾਜੂ ਬਰੜਵਾਲ, ਹਰਵਿੰਦਰ ਸਿੰਘ, ਮਾਣਾ ਗਰੇਵਾਲ, ਐਡਵੋਕੇਟ ਹੈਪੀ ਗੋਇਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਬੇਡਕਰ ਜਯੰਤੀ ਮੌਕੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਸ਼ਰਧਾਂਜਲੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਅੰਬੇਡਕਰ ਜਯੰਤੀ ਮੌਕੇ ਮੈਂਬਰ, ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ, ਗੁਲਜ਼ਾਰ ਸਿੰਘ ਬੌਬੀ ਅਤੇ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੰਗਰੂਰ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ ਅਤੇ ਮਹਾਨ ਸਮਾਜ ਸੁਧਾਰਕ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਨੂੰ ਸ਼ਰਧਾ ਪੁਸ਼ਪ ਅਰਪਿਤ ਕਰਦੇ ਹੋਏ ਉਨ੍ਹਾਂ ਨੂੰ ਨਮਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਨੇ ਆਪਣੇ ਜੀਵਨ ਦੌਰਾਨ ਸਮਾਜ ਵਿੱਚ ਬਰਾਬਰੀ, ਨਿਆਂ ਅਤੇ ਭਾਈਚਾਰੇ ਦੇ ਮੂਲ ਸਿਧਾਂਤਾਂ ਨੂੰ ਮਜ਼ਬੂਤ ਕੀਤਾ ਅਤੇ ਪਿੱਛੜੇ ਵਰਗਾਂ ਦੇ ਹੱਕਾਂ ਲਈ ਲਗਾਤਾਰ ਸੰਘਰਸ਼ ਕੀਤਾ ।ਉਨ੍ਹਾਂ ਦਾ ਯੋਗਦਾਨ ਭਾਰਤੀ ਲੋਕਤੰਤਰ ਦੀ ਮਜ਼ਬੂਤੀ ਅਤੇ ਸਮਾਜਿਕ ਨਿਆਂ ਦੀ ਸਥਾਪਨਾ ਲਈ ਸਦਾ ਯਾਦਗਾਰੀ ਰਹੇਗਾ ।ਬਾਬਾ ਸਾਹਿਬ ਡਾ. ਅੰਬੇਡਕਰ ਦੇ ਵਿਚਾਰ ਅੱਜ ਵੀ ਸਮਾਜ ਲਈ ਓਨੇ ਹੀ ਪ੍ਰਸੰਗਿਕ ਹਨ, ਜਿੰਨੇ ਉਹਨਾਂ ਦੇ ਸਮੇਂ ਵਿੱਚ ਸਨ। ਉਨ੍ਹਾਂ ਕਿਹਾ ਕਿ ਸਾਨੂੰ ਬਾਬਾ ਸਾਹਿਬ ਦੇ ਦੱਸੇ ਰਸਤੇ 'ਤੇ ਚੱਲਦਿਆਂ ਸਮਾਜ ਵਿੱਚ ਹਰ ਵਰਗ ਨੂੰ ਬਰਾਬਰ ਮੌਕੇ ਅਤੇ ਸਨਮਾਨ ਯਕੀਨੀ ਬਣਾਉਣ ਲਈ ਮਿਲਜੁਲ ਕੇ ਕੰਮ ਕਰਨਾ ਚਾਹੀਦਾ ਹੈ। ਅੱਜ ਦੀ ਪੀੜ੍ਹੀ ਲਈ ਬਾਬਾ ਸਾਹਿਬ ਦੇ ਵਿਚਾਰ ਪ੍ਰੇਰਣਾ ਦਾ ਸਰੋਤ ਹਨ ਅਤੇ ਸਾਨੂੰ ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲਦਿਆਂ ਸਮਾਜ ਵਿੱਚ ਸਮਾਨਤਾ ਅਤੇ ਸਹਿਯੋਗ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਬਾਬਾ ਸਾਹਿਬ ਵੱਲੋਂ ਬਣਾਏ ਸੰਵਿਧਾਨ ਦੇ ਅਧਾਰ 'ਤੇ ਦੇਸ਼ ਚੱਲ ਰਿਹਾ ਹੈ ਤੇ ਅੱਗੇ ਵੀ ਚੱਲਦਾ ਰਹੇਗਾ। ਉਹਨਾਂ ਕਿਹਾ ਕਿ ਸੰਵਿਧਾਨਿਕ ਕਦਰਾਂ ਕੀਮਤਾਂ ਦਾ ਸਨਮਾਨ ਹਰ ਇੱਕ ਨਾਗਰਿਕ ਦੀ ਜ਼ਿੰਮੇਵਾਰੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਚੈਨ ਸਿੰਘ, ਜ਼ਿਲ੍ਹਾ ਨਿਆਂ ਤੇ ਅਧਿਕਾਰਤ ਅਫਸਰ ਸੁਖਸਾਗਰ ਸਿੰਘ, ਬਲਾਕ ਭਲਾਈ ਅਫਸਰ ਚਰਨਜੀਤ ਸਿੰਘ ਚੰਨੀ, ਗੁਰਚਰਨ ਸਿੰਘ ਈਲਵਾਲ, ਅਮਰੀਕ ਸਿੰਘ, ਸੋਨੂ ਸਿੰਘ, ਡਾ. ਰਾਜ ਸਿੰਘ, ਸ਼ਕਤੀ ਸਿੰਘ ਠੇਕੇਦਾਰ ਸਮੇਤ ਵੱਡੀ ਗਿਣਤੀ ਸ਼ਹਿਰ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਵਿਸਾਖੀ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ









ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ) :– ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਵਿਸਾਖ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ, ਭਾਈ ਸੁਖਦੇਵ ਸਿੰਘ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਸਾਹਿਬੇ ਕਮਾਲ ਧੰਨ–ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਵਿਸਾਖੀ ਵਾਲੇ ਦਿਨ ਆਨੰਦਪੁਰ ਸਾਹਿਬ (ਪੰਜਾਬ) ਦੀ ਧਰਤੀ ਤੇ 13 ਅਪ੍ਰੈਲ 1699 ਨੂੰ ਇਕ ਵਿਸ਼ਾਲ ਸਮਾਗਮ ਰੱਖਿਆ ਸੀ ਅਤੇ ਉਨ੍ਹਾਂ ਵੱਲੋਂ ਇਸ ਦਿਨ ਖਾਲਸਾ ਪੰਥ ਦੀ ਸਿਰਜਣਾ ਕੀਤੀ ਗਈ। ਇਸੇ ਦਿਨ ਆਨੰਦਪੁਰ ਸਾਹਿਬ ਦੀ ਧਰਤੀ ਤੇ ਗੁਰਦੁਆਰਾ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਭਾਰੀ ਦੀਵਾਨ ਸਜਾਏ ਅਤੇ ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਇਕੱਠ ਵਿਚ ਸ਼ਬਦ ਕੀਰਤਨ ਦਾ ਆਨੰਦ ਮਾਨ ਰਹੇ ਸੀ। ਇਸ ਉਪਰੰਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਜੇ ਦੀਵਾਨ ਵਿਚ ਆਪਣੀ ਕ੍ਰਿਪਾਨ ਮਿਆਨੋ ਬਾਹਰ ਕੱਢ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਿਤ ਹੋ ਕੇ ਕਿਹਾ ਕਿ ਅੱਜ ਮੇਰੀ ਕ੍ਰਿਪਾਨ ਨੂੰ ਸਿਰਾਂ ਦੀ ਲੋੜ ਹੈ, ਕੋਈ ਹੈ ਜ਼ੋ ਆਪਣਾ ਸੀਸ ਭੇਂਟਾਂ ਕਰ ਸਕਦਾ ਹੈ। ਇਹ ਵਾਕ ਸੁਣਦੇ ਹੀ ਸਜੇ ਦੀਵਾਨ ਵਿਚ ਚੁੱਪੀ ਛਾਅ ਗਈ, ਇਸ ਤਰ੍ਹਾਂ ਗੁਰੂ ਸਾਹਿਬ ਨੇ ਤਿੰਨ ਵਾਰੀ ਦੁਹਰਾਇਆ ਤਾਂ ਭਾਈ ਦਇਆ ਰਾਮ ਉਠਿਆ, ਇਸੇ ਤਰ੍ਹਾਂ ਵਾਰੀ–ਵਾਰੀ ਭਾਈ ਧਰਮ ਰਾਮ, ਭਾਈ ਹਿੰਮਤ ਰਾਏ, ਭਾਈ ਮੋਹਕਮ ਚੰਦ ਅਤੇ ਭਾਈ ਸਾਹਿਬ ਚੰਦ ਜੀ ਨੇ ਵਾਰੋ–ਵਾਰੀ ਸੀਸ ਭੇਂਟ ਕੀਤਾ। ਇਸੇ ਤਰ੍ਹਾਂ ਗੁਰੂ ਸਾਹਿਬ ਜੀ ਨੇ ਪੰਜ ਸਿੰਘਾਂ ਨੂੰ ਸੁੰਦਰ ਸ਼ਸ਼ਤਰ–ਵਸਤਰ ਪਹਿਨਾਅ ਅਤੇ ਤੰਬੂ ਤੋਂ ਬਾਹਰ ਸੰਗਤਾਂ ਸਾਹਮਣੇ ਲਿਆਂਦਾ, ਗੁਰੂ ਜੀ ਨੇ ਸਰਬ ਲੋਹ ਦੇ ਬਾਟੇ ਵਿਚ ਅੰਮ੍ਰਿਤ ਤਿਆਰ ਕਰ ਪੰਜਾਂ ਸਿੰਘਾਂ ਨੂੰ ਅੰਮ੍ਰਿਤ ਛਕਾ ਕੇ ਜਾਤ–ਪਾਤ ਤੇ ਊਚ–ਨੀਚ ਦੇ ਬੰਦਨਾਂ ਤੋਂ ਮੁਕਤ ਕਰਦੇ ਹੋਏ ਸਭ ਦੇ ਨਾਮ ਨਾਲ ਸਿੰਘ ਸ਼ਬਦ ਲਗਾਇਆ ਅਤੇ ਇਸੇ ਤਰ੍ਹਾਂ ਖਾਲਸੇ ਦਾ ਜਨਮ ਹੋਇਆ ਅਤੇ ਇਨ੍ਹਾਂ ਨੂੰ ਪੰਜ ਪਿਆਰਿਆਂ ਦੀ ਪਦਵੀਂ ਦਿੱਤੀ ਤੇ ਆਪ ਇਸੇ ਵਿਸਾਖੀ ਵਾਲੇ ਦਿਨ ਇਨ੍ਹਾਂ ਤੋਂ ਆਪ ਵੀ ਅੰਮ੍ਰਿਤ ਛਕਿਆ ਅਤੇ ਖਾਲਸੇ ਦੀ ਸਾਜਣਾ ਨਾਲ ਇਕ ਨਵੀਂ ਲਹਿਰ ਦਾ ਵਿਨਾਸ ਹੋਇਆ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਗੁਰਬਾਣੀ ਕਥਾ ਵਿਚਾਰ ਆਤਮਾ ਦੀ ਖੁਰਾਕ ਹੈ, ਸਰੀਰ ਨੂੰ ਖੁਰਾਕ ਨਾ ਦਿੱਤੀ ਜਾਵੇ ਤਾਂ ਸਰੀਰ ਕਮਜ਼ੋਰ ਹੋ ਜਾਂਦਾ ਹੈ, ਇਸੇ ਤਰ੍ਹਾਂ ਸਾਡੀ ਆਤਮਾ ਵੀ ਸੇਵਾ ਸਿਮਰਨ ਨਾਲ ਸੁਰਜੀਤ ਹੋ ਜਾਂਦੀ ਹੈ। ਭਾਵ ਜੇਕਰ ਸਾਡੇ ਕੋਲ ਸੇਵਾ ਸਿਮਰਨ ਹੋਵੇ ਤਾਂ ਸਾਡੇ ਕੋਲ ਸੁੱਖਾਂ ਦੀ ਪ੍ਰਾਪਤੀ ਹੁੰਦੀ ਹੈ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਧੰਨ–ਧੰਨ ਬਾਬਾ ਨੰਦ ਸਿੰਘ ਜੀ ਮਹਾਰਾਜ ਕਿਹਾ ਕਰਦੇ ਸਨ ਕਿ ਜੇਕਰ ਸਵੇਰੇ–ਸਵੇਰੇ ਉਠਦੇ ਸਮੇਂ ਵਾਹਿਗੁਰੂ–ਵਾਹਿਗੁਰੂ ਜੀ ਦਾ ਜਾਪ ਕਰਨ ਨਾਲ ਤੁਹਾਡੀ ਆਤਮਾ ਨੂੰ ਸ਼ਾਂਤੀ ਮਿਲਦੀ ਹੈ, ਨਾਮ ਦੀ ਭੁੱਖ ਲੱਗ ਜਾਵੇ ਤਾਂ ਸਾਰੀਆਂ ਭੁੱਖਾਂ ਮਿਟ ਜਾਂਦੀਆਂ ਹਨ ਅਤੇ ਭਾਰੀ ਤੋਂ ਭਾਰੀ ਦੁੱਖ ਹੋਵੇ ਸਾਰੇ ਨਾਮ ਦੀ ਦਵਾਈ ਨਾਲ ਦੁੱਖ ਕੱਟੇ ਜਾਂਦੇ ਹਨ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਜਾਗਰੂਕਤਾ ਇਕ ਸੋਨੇ ਤੇ ਸੁਹਾਗੇ ਦਾ ਕੰਮ ਕਰਦੀ ਹੈ, ਜੋ ਸੁਣੀ-ਸੁਣਾਈ ਨਹੀਂ ਅਜਮਾਈ ਹੋਈ : ਪੀ.ਸੀ ਕੁਮਾਰ

ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ) :– ਜਾਗਰੂਕਤਾ ਇਕ ਸੋਨੇ ਤੇ ਸੁਹਾਗੇ ਦਾ ਕੰਮ ਕਰਦੀ ਹੈ, ਜ਼ੋ ਸੁਨੀ ਸੁਣਾਈ ਨਹੀਂ ਅਜਮਾਈ ਹੋਈ ਹੈ। ਇਹ ਵਿਚਾਰ ਪੰਜਾਹ ਸਾਲਾਂ ਤੋਂ ਸਕੂਲਾਂ ਵਿਚ ਵਿਚਰਦੇ ਆ ਰਹੇ ਸਮਾਜ ਸੁਧਾਰਕ ਸ੍ਰੀ ਪੀ.ਸੀ ਕੁਮਾਰ ਨੇ ਸਾਂਝੇ ਕਰਦਿਆਂ ਕਿਹਾ ਕਿ ਅੱਜ ਜਿਸ ਤੇਜੀ ਨਾਲ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ ਬਿਮਾਰੀਆਂ ਤੇ ਪਰਿਵਾਰਕ, ਸਮਾਜਿਕ ਦੇਸ਼ ਵਿਚ ਅਰਾਜਕਤਾ ਵੱਧ ਰਹੀ ਹੈ, ਜਿਸ ਦਾ ਹੱਲ ਕਿਸੇ ਵੀ ਸਰਕਾਰ ਲਈ ਹੱਲ ਕੱਢਣਾ ਅਸੰਭਵ ਬਨ ਲੋਕਾਂ ਵਿਚ ਹੁਣ ਹੌਲੀ–ਹੌਲੀ ਸਰਕਾਰਾਂ ਤੋਂ ਵਿਸਵਾਸ਼ ਉਠ ਇਕ ਸ਼ਬਦ ਹੁਣ ਸੁਨਣ ਨੂੰ ਮਿਲ ਰਹੇ ਬੱਚੇ, ਵਿਦਿਆਰਥੀ ਨੌਜਵਾਨ ਹੁਣ ਰਸਤੇ ਭਟਕ ਅਜਿਹੀਆਂ ਆਦਤਾਂ ਦਾ ਸ਼ਿਕਾਰ ਜਿਵੇਂ ਫਾਸਟ ਫੂਡ, ਮੋਬਾਈਲਾਂ ਦੀ ਦੁਰਵਰਤੋਂ, ਨਸ਼ਿਆਂ ਵਰਗੀਆਂ ਲਾਹਨਤਾਂ ਰਹਿਣ–ਸਹਿਣ ਤੇ ਵਿਚਾਰਧਾਰਾ ਗਿਰਨ ਨਾਲ ਤਨੋ, ਮਨੋ ਵਿਚਾਰਾਂ ਵਿਚ ਗਿਰਨਾ, ਸਕੂਲਾਂ ਵਿਚ ਜ਼ੋ ਸਰੀਰਕ, ਮਾਨਸਿਕ ਤੇ ਸਮਾਜਿਕ ਤੌਰ ਤੇ ਸੁਭਾ ਦੀਆਂ ਪ੍ਰਾਰਥਨਾਵਾਂ ਵਿਚ ਜਿਥੇ ਉੱਚਾ–ਸੁੱਚਾ ਪਵਿੱਤਰ ਜੀਉਣ ਲਈ ਮੌਲਿਕ ਨੈਤਿਕ ਸਮਾਜਿਕ ਤੇ ਦੁਨਿਆਵੀਂ ਬੱਚਿਆਂ, ਟੀਚਰਾਂ ਤੇ ਸਮਾਜਿਕ ਕਦਰਾਂ ਕੀਮਤਾਂ ਤੇ ਨਾਲ ਤੰਦਰੁਸਤ ਸਰੀਰ ਵਿਚ ਤੰਦਰੁਸਤ ਮਨ ਤੇ ਤੰਦਰੁਸਤ ਮਨ ਵਿਚ ਉਚੇ–ਸੁੱਚੇ ਵਿਚਾਰ ਤੇ ਨਾਲ ਹੀ ਪੀ.ਟੀ ਭਾਵ ਅੱਜ ਕੱਲ ਜਿਸ ਨੂੰ ਯੋਗਾ ਜ਼ੋ ਲੋਕ ਘਰ ਵਿਚ ਆਪ ਕੰਮ ਕਰਕੇ ਖੇਤਾਂ ਵਿਚ ਮਿਹਨਤ ਖੁਦ ਸਿਹਤ ਦੀ ਸਾਂਭ ਸੰਭਾਲ, ਜਿਸ ਨਾਲ ਨਾ ਸਰੀਰਕ, ਮਾਨਸਿਕ, ਸਮਾਜਿਕ, ਕੁਰੀਤੀਆਂ, ਬਿਮਾਰੀਆਂ ਪਿੰਡਾਂ ਵਿਚ ਨਜ਼ਰ ਆਓਦੀਆਂ ਤੇ ਸਕੂਲਾਂ ਵਿਚ ਅੱਜ ਜ਼ੋ ਕਿਤਾਬੀ ਕੀੜਾ ਬਨਾ ਉਹ ਜ਼ੋ ਤੰਦਰੁਸਤ, ਸਰੀਰ ਵਿਚ ਤੰਦਰੁਸਤ ਮਨ ਨਾ ਉਚੇ ਵਿਚਾਰ ਤੇ ਚੰਗੇ ਕੰਮ ਜ਼ੋ ਕੇਵਲ ਤੇ ਕੇਵਲ ਜਾਗਰੂਕਤਾ ਜ਼ੋ ਪੰਜਾਹ ਸਾਲਾਂ ਤੋਂ ਨੌਕਰੀ ਤੇ ਨੌਕਰੀ ਤੋਂ ਬਾਅਦ ਵੀ ਕਰ ਰਹੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV




ਵਿਸਾਖੀ ਦੀਆਂ ਲੱਖ-ਲੱਖ ਵਧਾਈਆਂ

ਵੈਸਾਖੀ ਦੇ ਪਵਿੱਤਰ ਪਾਵਨ ਦਿਹਾੜੇ ਦੀਆਂ ਦੇਸ਼ਾਂ ਵਿਦੇਸ਼ਾਂ ਦੀਆਂ ਸਮੂਹ ਸੰਗਤਾਂ ਵਧਾਈਆਂ ਹੋਣ, ਵੱਲੋਂ ਜੁਗਰਾਜ ਸਿੰਘ ਕੋਚ ਚੰਨਣਕੇ।

ਆਵਾਜ਼ਿ ਕੌਮ AWAZE QAUM International Newspaper & WEB TV



ਵਿਸਾਖੀ ਦੀਆਂ ਲੱਖ-ਲੱਖ ਵਧਾਈਆਂ

ਵੈਸਾਖੀ ਦੇ ਪਵਿੱਤਰ ਪਾਵਨ ਦਿਹਾੜੇ ਦੀਆਂ ਸਮੂੰਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਹੋਣ ਵੱਲੋਂ ਸ ਸੁਖਬੀਰ ਸਿੰਘ ਰੰਧਾਵਾ ਯੂ ਐਸ ਏ, ਵਾਸੀ ਪਿੰਡ ਧਰਮੂਚੱਕ।

ਆਵਾਜ਼ਿ ਕੌਮ AWAZE QAUM International Newspaper & WEB TV





ਵਰ੍ਹੇਗੰਢ ਮੁਬਾਰਕ

ਜੁਗਰਾਜ ਸਿੰਘ ਕੋਚ, ਰਜਿੰਦਰ ਕੌਰ ਨੇ ਆਪਣੇ ਵਿਆਹ ਦੀ 15 ਵੀ ਵਰ੍ਹੇਗੰਢ ਮਨਾਈ ਪਿੰਡ ਚੰਨਣਕੇ।( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਜਥੇਦਾਰ ਗੜਗੱਜ ਧਰਮ ਪਰਿਵਰਤਨ ਮਾਮਲੇ 'ਤੇ ਗੈਰ-ਜ਼ਿੰਮੇਵਾਰ ਰਵੱਈਏ ਨਾਲ ਬੇਨਕਾਬ : ਪ੍ਰੋ. ਸਰਚਾਂਦ ਸਿੰਘ ਖਿਆਲਾ**

# ਜਥੇਦਾਰ ਗੜਗੱਜ ਅਕਾਲੀ ਦਲ ਬਾਦਲ ਦੇ ਸਿਆਸੀ ਏਜੰਡੇ ਲਈ ਪ੍ਰਵਕਤਾ ਵਜੋਂ ਹੀ ਭੂਮਿਕਾ ਨਿਭਾਅ ਰਹੇ ਹਨ

## ਵਿਚਾਰ ਆਪੋ-ਆਪਣਾ



**ਅੰਮ੍ਰਿਤਸਰ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਧਰਮ ਪਰਿਵਰਤਨ ਵਰਗੇ ਸੰਵੇਦਨਸ਼ੀਲ ਮਸਲੇ ਪ੍ਰਤੀ ਗੈਰ ਜਿੰਮੇਦਾਰਾਨਾ ਬਿਆਨ ਨਾਲ ਕੌਮ ਦੀ ਨੁਮਾਇੰਦਗੀ ਦਾ ਭਰਮ ਦੂਰ ਹੋ ਗਿਆ ਹੈ। ਉਹ ਸਿੱਖ ਕੌਮ ਦੀ ਨਿਰਪੱਖ ਰਹਿਨੁਮਾਈ ਕਰਨ ਦੀ ਬਜਾਇ ਅਕਾਲੀ ਦਲ ਬਾਦਲ ਦੇ ਪ੍ਰਵਕਤਾ ਵਜੋਂ ਭੂਮਿਕਾ ਨਿਭਾਅ ਦੇ ਨਜ਼ਰ ਆ ਰਹੇ ਹਨ। ਉਹਨਾਂ ਕਿਹਾ ਕਿ ਗਿਆਨੀ ਗੜਗੱਜ ਦੇ ਬਿਆਨ ਅਕਾਲੀ ਦਲ ਬਾਦਲ ਵੱਲੋਂ ਰਾਜਨੀਤਿਕ ਸਵਾਰਥਾਂ ਅਤੇ ਵੋਟ ਬੈਂਕ ਦੀ ਰਾਜਨੀਤੀ ਲਈ ਘੜੇ ਗਏ ਬਿਰਤਾਂਤ ਨੂੰ ਹੀ ਅੱਗੇ ਵਧਾਉਣ ਦੀ ਕੋਸ਼ਿਸ਼ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਬੜੀ ਹੈਰਾਨੀ ਅਤੇ ਚਿੰਤਾ ਦੀ ਗੱਲ ਹੈ ਕਿ ਜਿੱਥੇ ਪੂਰੀ ਸਿੱਖ ਕੌਮ ਅਤੇ ਦੇਸ਼ ਦੀ ਕੇਂਦਰੀ ਲੀਡਰਸ਼ਿਪ ਤੱਕ ਵੱਲੋਂ ਪੰਜਾਬ 'ਚ ਹੋ ਰਹੇ ਗੈਰ ਕਾਨੂੰਨੀ ਅਤੇ ਗੈਰ-ਸਿਧਾਂਤਕ ਧਰਮ ਪਰਿਵਰਤਨ ਦੇ ਮਾਮਲੇ 'ਤੇ ਗੰਭੀਰ ਚਿੰਤਾ ਜਤਾਈ ਜਾ ਰਹੀ ਹੈ, ਉੱਥੇ ਗਿਆਨੀ ਗੜਗੱਜ ਵੱਲੋਂ ਇਸ ਮਸਲੇ ਨੂੰ ਗੈਰ ਗੰਭੀਰ ਤੇ ਗੈਰ ਮਾਮੂਲੀ ਵਰਤਾਰੇ ਵਜੋਂ 'ਚ ਦਿਖਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਪ੍ਰੋ. ਖਿਆਲਾ ਨੇ ਇਸ਼ਾਰਾ ਕੀਤਾ ਕਿ ਇਕ ਪਾਸੇ ਗਿਆਨੀ ਗੜਗੱਜ ਖ਼ੁਦ ਪੰਜਾਬ ਵਿੱਚ ਵਧ ਰਹੇ ਧਰਮ ਪਰਿਵਰਤਨ ਨੂੰ ਮੰਨਦੇ ਹੋਏ ਲੋਕਾਂ ਨੂੰ ਸੁਚੇਤ ਕਰਦੇ ਹਨ, ਪਰ ਦੂਜੇ ਪਾਸੇ ਇਸ ਨੂੰ ਪੰਥ ਲਈ ਕੋਈ ਚੁਨੌਤੀ ਨਾ ਹੋਣ ਦਾ ਬਿਆਨ ਦੇਣਾ ਸਾਫ਼ ਤੌਰ 'ਤੇ ਆਪਸੀ ਵਿਰੋਧਾਭਾਸ ਅਤੇ ਜਾਣਬੁੱਝ ਕੇ ਅਕਾਲੀਆਂ ਦੇ ਸਿਆਸੀ ਏਜੰਡੇ ਦੀ ਪੂਰਤੀ ਲਈ ਬਿਰਤਾਂਤ ਸਿਰਜਣ ਦੀ ਕੋਸ਼ਿਸ਼ ਕਰ ਰਹੇ ਹੈ।

**ਜਥੇਦਾਰ ਹੀ ਧਰਮ ਪਰਿਵਰਤਨ 'ਤੇ ਗੰਭੀਰ ਨਹੀਂ ਤਾਂ ਪੰਥ ਦੀ ਰੱਖਿਆ ਕੌਣ ਕਰੇਗਾ ?: ਪ੍ਰੋ. ਖਿਆਲਾ**

ਪ੍ਰੋ. ਖਿਆਲਾ ਨੇ ਕਿਹਾ ਕਿ ਭਾਵੇਂ ਗਿਆਨੀ ਗੜਗੱਜ ਕਹਿੰਦੇ ਹਨ ਕਿ ਪੂਰੀ ਕੌਮ ਨੂੰ ਟਾਰਗੇਟ ਨਾ ਕੀਤਾ ਜਾਵੇ, ਪਰ ਅਸਲ ਵਿੱਚ ਉਹ ਅਕਾਲੀ ਦਲ ਬਾਦਲ ਨੂੰ ਬਚਾਉਣ ਲਈ ਇਹ ਸਾਰੀ ਕਸਰਤ ਕਰ ਰਹੇ ਹਨ। ਉਹਨਾਂ ਤਿੱਖੇ ਲਹਿਜ਼ੇ ਵਿੱਚ ਦੋਸ਼ ਲਾਇਆ ਕਿ ਗਿਆਨੀ ਗੜਗੱਜ ਦਾ ਬਿਆਨ ਸਿਆਸੀ ਪ੍ਰੇਰਿਤ ਹੈ ਅਤੇ ਉਨ੍ਹਾਂ ਵੱਲੋਂ ਉਹੀ ਕਿਹਾ ਜਾਂਦਾ ਹੈ ਜੋ ਅਕਾਲੀ ਦਲ ਬਾਦਲ ਨੂੰ ਸੁਹਾਵਣਾ ਤੇ ਫਿਟ ਬੈਠੇ। ਕਿਉਂਕਿ ਅਕਾਲੀ ਦਲ ਬਾਦਲ ਅਤੇ ਸ਼੍ਰੋਮਣੀ ਕਮੇਟੀ ਦੀ ਰਹਿਮੋ-ਕਰਮ ਤੋਂ ਬਿਨਾਂ ਕਿਸੇ ਦਾ ਵੀ ਤਖ਼ਤ ਦੇ ਜਥੇਦਾਰ ਬਣੇ ਰਹਿਣਾ ਨਾ ਮੁਮਕਿਨ ਹੈ, ਜਿਸ ਦੀ ਗਵਾਹੀ ਅਤੀਤ ਖ਼ੁਦ ਦਿੰਦਾ ਹੈ।

ਪੰਜਾਬ ਵਿੱਚ ਹੋ ਰਹੇ ਧਰਮ ਪਰਿਵਰਤਨ 'ਤੇ ਗੰਭੀਰ ਚਿੰਤਾ ਜਤਾਉਂਦੇ ਹੋਏ ਪ੍ਰੋ. ਖਿਆਲਾ ਨੇ ਕਿਹਾ ਕਿ ਜਿੱਥੇ ਇੱਕ ਦਹਾਕਾ ਪਹਿਲਾਂ ਇਸਾਈ ਭਾਈਚਾਰੇ ਦੀ ਅਬਾਦੀ ਲਗਭਗ 1.3 ਫ਼ੀਸਦੀ ਸੀ, ਉੱਥੇ ਹੁਣ ਇਹ ਅੰਕੜਾ 15-16 ਫ਼ੀਸਦੀ ਤੋਂ ਉੱਪਰ ਦੱਸਿਆ ਜਾ ਰਿਹਾ ਹੈ। ਉਹਨਾਂ ਗਿਆਨੀ ਗੜਗੱਜ ਨੂੰ ਸਿੱਧਾ ਸਵਾਲ ਕੀਤਾ ਕਿ ਜੇ ਧਰਮ ਪਰਿਵਰਤਨ ਪੰਥ ਲਈ ਚੁਨੌਤੀ ਨਹੀਂ, ਤਾਂ ਫਿਰ ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਸਮੇਂ ਦੌਰਾਨ ਲਗਭਗ 300 ਪ੍ਰਚਾਰ ਕਮੇਟੀਆਂ ਕਿਉਂ ਬਣਾਈਆਂ ਗਈਆਂ ਅਤੇ ਇਹ ਟੀਮਾਂ ਬਾਰਡਰ ਨਾਲ ਲੱਗਦੇ ਪਿੰਡਾਂ ਵਿੱਚ ਕਿਉਂ ਭੇਜੀਆਂ ਗਈਆਂ ? ਪ੍ਰੋ. ਖਿਆਲਾ ਨੇ ਗਿਆਨੀ ਗੜਗੱਜ ਵੱਲੋਂ ਧਰਮ ਪਰਿਵਰਤਨ ਦੇ ਮਸਲੇ 'ਤੇ ਜ਼ਿੰਮੇਵਾਰੀ ਲੈਣ ਤੋਂ ਕਿਨਾਰਾ ਕਰਨ 'ਤੇ ਗੰਭੀਰ ਸਵਾਲ ਖੜੇ ਕਰਦਿਆਂ ਕਿਹਾ ਕਿ ਜੇ ਪੰਥ ਦੇ ਆਗੂ—ਖ਼ਾਸਕਰ ਤਖ਼ਤ ਦੇ ਜਥੇਦਾਰ—ਇਸ ਸੰਵੇਦਨਸ਼ੀਲ ਮਸਲੇ ਨੂੰ ਗੰਭੀਰਤਾ ਨਾਲ ਨਹੀਂ ਲੈਂਦੇ, ਤੇ ਪੰਥਕ ਸਰੋਕਾਰ ਤੋਂ ਬਾਹਰੀ ਮੰਨਦੇ ਹਨ ਤਾਂ ਫਿਰ ਪੰਥ ਦੀ ਰੱਖਿਆ ਦੀ ਉਮੀਦ ਕਿਸ ਤੋਂ ਕੀਤੀ ਜਾਵੇ ? ਪ੍ਰੋ. ਖਿਆਲਾ ਨੇ ਦੁੱਖ ਜਤਾਉਂਦੇ ਹੋਏ ਕਿਹਾ ਕਿ ਜਿਨ੍ਹਾਂ ਦੇ ਸਿਰ ਪੰਥਕ ਸਿਧਾਂਤਾਂ ਦੀ ਪਹਿਰੇਦਾਰੀ ਅਤੇ ਮਰਿਆਦਾ ਦੀ ਰੱਖਿਆ ਦੀ ਜ਼ਿੰਮੇਵਾਰੀ ਹੈ, ਉਹੀ ਅੱਜ ਸਿਧਾਂਤਾਂ ਨਾਲ ਸਮਝੌਤਾ ਤੇ ਖਿਲਵਾੜ ਕਰਦੇ ਦਿੱਖ ਰਹੇ ਹਨ। ਉਹਨਾਂ ਤਿੱਖੀ ਟਿੱਪਣੀ ਕਰਦਿਆਂ ਕਿਹਾ ਕਿ "ਰਾਤ ਦੇ ਹਨੇਰੇ ਵਿੱਚ ਥਾਪੇ ਗਏ ਜਥੇਦਾਰ ਤੋਂ ਹੋਰ ਕੀ ਉਮੀਦ ਕੀਤੀ ਜਾ ਸਕਦੀ ਹੈ।" ਪ੍ਰੋ. ਖਿਆਲਾ ਨੇ ਯਾਦ ਦਿਵਾਇਆ ਕਿ ਪੰਥ ਦੀ ਪੁਰਾਤਨ ਰਵਾਇਤ ਅਨੁਸਾਰ ਜਿਸ ਵਿਅਕਤੀ ਨੂੰ ਪੰਥ ਵਿੱਚੋਂ ਛੇਕਿਆ ਜਾਵੇ, ਉਸ ਨਾਲ ਸੰਬੰਧ ਰੱਖਣਾ ਗੰਭੀਰ ਅਵੱਗਿਆ ਮੰਨੀ ਜਾਂਦੀ ਹੈ। ਇਸ ਸੰਦਰਭ ਵਿੱਚ ਉਹਨਾਂ ਕਿਹਾ ਕਿ 2010 ਵਿੱਚ 'ਪ੍ਰੋ. ਦਰਸ਼ਨ ਸਿੰਘ ਰਾਗੀ' ਨੂੰ ਪੰਥ ਵਿੱਚੋਂ ਛੇਕਿਆ ਗਿਆ ਸੀ, ਪਰ ਉਸ ਸਮੇਂ ਵੀ ਗਿਆਨੀ ਗੜਗੱਜ ਨੇ ਨਾ ਕੇਵਲ ਉਹਨਾਂ ਨਾਲ ਮੇਲ-ਮਿਲਾਪ ਕੀਤਾ, ਸਗੋਂ ਉਹਨਾਂ ਦੇ ਪ੍ਰੋਗਰਾਮ ਕਰਾਉਣ ਵਿੱਚ ਅੱਗੇ ਰਹੇ। ਉਹਨਾਂ ਸਵਾਲ ਕੀਤਾ ਕਿ ਕੀ ਇਸ ਧਾਰਮਿਕ ਅਵੱਗਿਆ ਲਈ ਗਿਆਨੀ ਗੜਗੱਜ ਨੇ ਕਦੇ ਪੰਜ ਪਿਆਰਿਆਂ ਕੋਲੋਂ ਮਾਫ਼ੀ ਮੰਗੀ ? ਉਹਨਾਂ ਹਾਲ ਹੀ ਦੀ ਇੱਕ ਘਟਨਾ ਦਾ ਹਵਾਲਾ ਦਿੰਦਿਆਂ ਕਿਹਾ ਕਿ ਇੱਕ ਸਮਾਗਮ ਦੌਰਾਨ ਗਿਆਨੀ ਗੜਗੱਜ ਵੱਲੋਂ ਅਕਾਲੀ ਦਲ ਬਾਦਲ ਦੇ ਇੱਕ ਜ਼ਿਲ੍ਹਾ ਪ੍ਰਧਾਨ ਦੇ ਪੈਰੀਂ ਹੱਥ ਲਾਉਣ ਦੀ ਘਟਨਾ ਸਾਹਮਣੇ ਆਈ, ਜਿਸ ਨੂੰ ਬਾਅਦ ਵਿੱਚ ਝੂਠੇ ਸਪਸ਼ਟੀਕਰਨਾਂ ਨਾਲ ਪਰਦਾਪੋਸ਼ੀ ਕਰਨ ਦੀ ਕੋਸ਼ਿਸ਼ ਕੀਤੀ ਗਈ, ਜਦਕਿ ਵੀਡੀਓ ਸਬੂਤ ਸਭ ਕੁਝ ਸਪਸ਼ਟ ਦਿਖਾਉਂਦੇ ਹਨ। ਘੱਟੋ ਘਟ ਇਕ ਜਥੇਦਾਰ ਨੂੰ ਝੂਠ ਬੋਲਣਾ ਸੋਭਦਾ ਨਹੀਂ ਹੈ। ਅੰਤ ਵਿੱਚ ਉਹਨਾਂ ਗਿਆਨੀ ਗੜਗੱਜ ਨੂੰ ਇਹ ਵੀ ਪੁੱਛਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਨਾਲ ਜੁੜੀ ਬੇਅਦਬੀ ਸਬੰਧੀ ਸ਼ੱਕੀ ਵੀਡੀਓ ਦਾ ਸੱਚ ਤਿੰਨ ਮਹੀਨੇ ਬਾਅਦ ਵੀ ਸੰਗਤ ਦੇ ਸਾਹਮਣੇ ਕਿਉਂ ਨਹੀਂ ਆਇਆ ? ਉਸ ਵੀਡੀਓ ਦੀ ਫੋਰੈਂਸਿਕ ਰਿਪੋਰਟ ਕਿੱਥੇ ਹੈ ? ਸੰਗਤ ਇਸ ਦਾ ਸੱਚ ਜਾਣਨਾ ਚਾਹੁੰਦੀ ਹੈ। ਜਾਂ ਫਿਰ ਸੌਦੇਬਾਜ਼ੀ ਕੀਤੀ ਜਾ ਚੁੱਕੀ ਹੈ।

**ਜਨ ਕਲਿਆਣ ਸੰਗਠਨ ਵੱਲੋਂ**

# ਸ਼ਰਧਾਂਜਲੀ ਸਭਾ ਦਾ ਆਯੋਜਨ



ਚੌਕ ਮਹਿਤਾ 14 ਅਪ੍ਰੈਲ( ਬਾਬਾ ਸੁਖਵੰਤ ਸਿੰਘ ਚੰਨਣਕੇ)ਜਨ ਕਲਿਆਣ ਸੰਗਠਨ ਅਤੇ ਫ੍ਰੀ ਪਰਿਵਾਰ ਪਰਾਮਰਸ਼ ਕੇਂਦਰ ਵੱਲੋਂ ਜਲਿਆਂਵਾਲਾ ਬਾਗ ਹੱਤਿਆਕਾਂ ਦੇ ਗੁਮਨਾਮ ਸ਼ਹੀਦਾਂ ਦੇ ਪ੍ਰਤੀ ਸ਼ਰਧਾਂਜਲੀ ਸਭਾ ਦਾ ਆਯੋਜਨ ਕੀਤਾ ਗਆਿ ਦੋਵੇਂ ਸੰਸਥਾਵਾਂ ਦੀ ਸੰਸਥਾਪਕ ਡਾ. ਸਵਰਾਜ ਗਰੋਵਰ ਦੀ ਅਗਵਾਈ ਹੇਠ ਕੀਤਾ ਗਿਆ। ਇਸ ਇਸ ਆਯੋਜਨ ਵਿੱਚ ਸੰਸਥਾਵਾਂ ਸਵ ਸ੍ਰੀਮਤੀ ਡੋਲੀ ਦਾ ਸਲਾਘਾ ਯੋਗ ਸਹਿਯੋਗ ਰਿਹਾ।

ਇਸ ਮੌਕੇ ਸਹ ਸਕੱਤਰ ਜਨਕ ਜੋਸ਼ੀ, ਖਜ਼ਾਨਚੀ ਸਰੋਜ ਚਾਵਲਾ ਸਮੇਤ ਹੋਰ ਅਹੁਦੇਦਾਰ—ਮਨਜੀਤ ਠੰਡ, ਪ੍ਰਿੰਸੀਪਲ ਮੋਨਿਕਾ ਸ੍ਰੀਧਰ, ਸੋਨੀਆ ਮਲਹੀ, ਪ੍ਰਵੀਣ ਕੁਮਾਰੀ, ਮਨਸਾ ਤਿਵਾਰੀ, ਨੀਰਜ ਸੇਠ, ਮਨਜੀਤ ਚੰਡੋਕ, ਰਿੰਪੀ ਰਾਜਪੂਤ, ਅਲਕਾ ਸ਼ਰਮਾ, ਮੀਣਾ ਜੀ, ਜਸਬੀਰ ਕੌਰ, ਸਰੋਜ ਬਾਲਾ, ਸੁਮਨ ਕੁਮਾਰੀ, ਰੀਨਾ ਠਾਕੁਰ ਅਤੇ ਪ੍ਰਭਾ ਕੁਮਾਰੀ—ਨੇ ਹਾਜ਼ਰੀ ਲਗਵਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਅਤੇ ਉਨ੍ਹਾਂ ਦੀ ਯਾਦ ਵਿੱਚ ਅਰਦਾਸ ਕੀਤੀ। ਇਸ ਮੌਕੇ ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਗੁਮਨਾਮ ਸ਼ਹੀਦਾਂ ਦੀ ਅਮਰ ਗਾਥਾ ਦੀ ਅਮਰ ਜੋਤ ਭਾਰਤ ਮਾਤਾ ਦੇ ਹਿਰਦੇ ਵਿੱਚ ਸਦਾ ਪ੍ਰਜਵਲਿਤ ਰਹੇਗੀ। ਇਹ ਅਮਰ ਜੋਤ ਆਉਣ ਵਾਲੀਆਂ ਪੀੜੀਆਂ ਲਈ ਦੇਸ਼ਭਗਤੀ ਦੀ ਪ੍ਰੇਰਣਾ ਦਾ ਸਰੋਤ ਹੈ। ਮਹਾਸਚਿਵ ਡੋਲੀ ਭਾਟੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਡੀ ਆਜ਼ਾਦੀ ਸ਼ਹੀਦਾਂ ਦੇ ਲਹੂ ਨਾਲ ਸਿੰਚੀ ਗਈ ਹੈ, ਜਿਸਨੂੰ ਕਾਇਮ ਰੱਖਣਾ ਸਾਡਾ ਫਰਜ਼ ਹੈ। ਸਮਾਗਮ ਦਾ ਸਮਾਪਨ ਰਾਸ਼ਟਰਗਾਨ ਨਾਲ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਧੂਮਧਾਮ ਨਾਲ ਮਨਾਈ ਵਿਸਾਖੀ




ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ) :— ਮੋਗਾ ਰੋਡ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਸਕੂਲ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮਹਾਸਚਿਵ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਰਹਿਨੁਮਾਈ ਹੇਠ ਚੱਲ ਰਿਹਾ ਹੈ।

ਇਸ ਮੌਕੇ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਸਭਾ ਅਤੇ ਰੰਗਾਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਵਿਸਾਖੀ ਦੇ ਮਹੱਤਵ 'ਤੇ ਚਾਨਣ ਪਾਂਦੇ ਹੋਏ ਜਲਿਆਂਵਾਲਾ ਬਾਗ ਕਤਲੇਆਮ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸਾ ਪੰਥ ਦੀ ਸਥਾਪਨਾ ਨਾਲ ਸੰਬੰਧਿਤ ਇਤਿਹਾਸਕ ਜਾਣਕਾਰੀ ਪੇਸ਼ ਕੀਤੀ। ਵਿਦਿਆਰਥੀਆਂ ਨੇ ਮਨਮੋਹਕ ਨ੍ਰਿਤ ਪ੍ਰਸਤੁਤੀਆਂ ਨਾਲ ਸਭ ਦਾ ਮਨ ਮੋਹ ਲਿਆ। ਫਾਊਂਡੇਸ਼ਨ ਲੈਵਲ ਦੇ ਬੱਚੇ ਪਰੰਪਰਾਗਤ ਪਹਿਰਾਵਿਆਂ ਵਿੱਚ ਸਜੇ—ਧਜੇ ਨਜ਼ਰ ਆਏ ਅਤੇ ਆਪਣੇ ਨਾਲ ਪਰੰਪਰਾਗਤ ਭੋਜਨ ਵੀ ਲੈ ਕੇ ਆਏ, ਜਿਸ ਨਾਲ ਪ੍ਰੋਗਰਾਮ ਵਿੱਚ ਸੱਭਿਆਚਾਰਕ ਰੰਗ ਹੋਰ ਵੀ ਗਹਿਰਾ ਹੋ ਗਿਆ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਸੱਭਿਆਚਾਰਕ ਪ੍ਰੋਗਰਾਮ ਬੱਚਿਆਂ ਦੇ ਸਰਵਾਂਗੀਣ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਤਿਉਹਾਰ ਸਾਨੂੰ ਆਪਣੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਇਤਿਹਾਸ ਨਾਲ ਜੋੜਦੇ ਹਨ, ਇਸ ਲਈ ਵਿਦਿਆਰਥੀਆਂ ਨੂੰ ਅਜਿਹੇ ਆਯੋਜਨਾਂ ਵਿੱਚ ਵੱਧ—ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

# ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਦੀ ਵਿਦਿਆਰਥਣ ਗੁਰਪ੍ਰੀਤ ਕੌਰ ਮੈਰਿਟ ਵਿੱਚ ਮੱਲਾਂ ਮਾਰੀਆਂ, ਡਾਇਰੈਕਟਰ ਤੇਜਬੀਰ ਸਿੰਘ ਸੋਹਲ



**ਚੌਕ ਮਹਿਤਾ, 14 ਅਪ੍ਰੈਲ, (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀਆਂ ਨਾਮਵਰ ਅਤੇ ਮਸ਼ਹੂਰ ਵਿਦਿਅਕ ਸੰਸਥਾਵਾਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀ ਸੈ ਸਕੂਲ ਚੂੰਘ ਦੇ ਵਿਦਿਆਰਥੀਆਂ ਨੇ ਪੰਜਾਬ ਮੈਰਿਟ ਵਿਚ ਮੱਲਾਂ ਮਾਰੀਆਂ। ਸਕੂਲ ਦਾ 8ਵੀ ਦਾ ਨਤੀਜਾ ਸ਼ਾਨਦਾਰ ਅਤੇ 100% ਰਿਹਾ। ਸਾਰੇ ਹੀ ਵਿਦਿਆਰਥੀ ਬਹੁਤ ਹੀ ਵਧੀਆ ਨੰਬਰ ਨਾਲ ਪਾਸ ਹੋਏ। ਸਕੂਲ ਦੀ ਵਿਦਿਆਰਥਣ ਗੁਰਪ੍ਰੀਤ ਕੌਰ ਨੇ ਪੰਜਾਬ ਮੈਰਿਟ ਵਿਚ ਆਪਣਾ ਸਥਾਨ ਬਣਾ ਕੇ ਸਾਰੇ ਹੀ ਪੰਜਾਬ ਵਿਚ ਆਪਣਾ, ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਗੁਰਪ੍ਰੀਤ ਕੌਰ ਨੇ 98.11% ਨੰਬਰ ਲੈ ਕੇ ਪੰਜਾਬ ਵਿਚ 11ਵਾਂ ਰੈਂਕ ਹਾਸਿਲ ਕੀਤਾ ਹੈ। ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸ੍ਰ ਰਘਬੀਰ ਸਿੰਘ ਸੋਹਲ ਅਤੇ ਸਕੂਲ ਦੇ ਡਾਇਰੈਕਟਰ ਸ਼੍ਰ ਤੇਜਬੀਰ ਸਿੰਘ ਸੋਹਲ ਨੇ ਵਿਦਿਆਰਥਣ ਗੁਰਪ੍ਰੀਤ ਕੌਰ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਵਧਾਈਆਂ ਦਿੱਤੀਆਂ ਅਤੇ ਸ਼ੁੱਭ ਕਾਮਨਾਵਾਂ ਦੀ ਅਰਦਾਸ ਬੇਨਤੀ ਕੀਤੀ।

# ਸੰਯੁਕਤ ਡਾਇਰੈਕਟਰ ਖੇਤੀਬਾੜੀ ਪੰਜਾਬ ਵੱਲੋਂ ਡਾਇੰਗ ਅਤੇ ਪਲਾਈਵੁੱਡ ਇੰਡਸਟਰੀ ਦੀ ਚੈਕਿੰਗ



ਜੰਡਿਆਲਾ ਗੁਰੂ 14 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਸੰਯੁਕਤ ਡਾਇਰੈਕਟਰ ਖੇਤੀਬਾੜੀ (ਇੰਜੀ.) ਪੰਜਾਬ ਸ੍ਰ. ਜਗਦੀਸ਼ ਸਿੰਘ ਵੱਲੋਂ ਆਪਣੀ ਟੀਮ ਡਾ. ਬਖਸ਼ੀਸ਼ ਸਿੰਘ ਖੇਤੀਬਾੜੀ ਅਫਸਰ, ਸ਼੍ਰੀ ਕੇਤਨ ਏ.ਡੀ.ਓ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਖੇਤੀ ਅਧਿਕਾਰੀਆਂ ਸਹਿਤ ਜ਼ਿਲ੍ਹਾ ਅੰਮ੍ਰਿਤਸਰ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਵੱਲੋਂ ਡਾਇੰਗ ਅਤੇ ਪਲਾਈਵੁੱਡ ਇੰਡਸਟਰੀ ਵਿਚ ਸਬਸਿਡੀ ਵਾਲੇ ਯੂਰੀਆ ਦੀ ਵਰਤੋਂ ਸਬੰਧੀ ਚੈਕਿੰਗ ਕੀਤੀ ਗਈ । ਉਹਨਾਂ ਦੱਸਿਆ ਕਿ ਪੰਜਾਬ ਵਿਚ ਲਗਾਤਾਰ ਯੂਰੀਆ ਖਾਦ ਦੀ ਵਰਤੋਂ ਵੱਧ ਰਹੀ ਹੈ ਅਤੇ ਅਤੇ ਵੇਖਣ ਵਿਚ ਆਇਆ ਹੈ ਕਿ ਸਬਸਿਡੀ ਵਾਲੀ ਯੂਰੀਆ ਖਾਦ ਦੀ ਵਰਤੋਂ ਉਦਯੋਗ ਇੰਡਸਟਰੀ ਵਿਚ ਸੰਭਵ ਹੈ, ਜੋ ਕਿ ਗੈਰ ਕਾਨੂੰਨੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਇੰਡਸਟਰੀਆਂ ਵਿਚ ਯੂਰੀਆ ਖਾਦ ਦੀ ਵਰਤੋਂ ਨੂੰ ਰੋਕਣ ਸਬੰਧੀ ਪੂਰੇ ਪੰਜਾਬ ਵਿਚ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਇਸੇ ਲੜੀ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਚੈਕਿੰਗ ਕੀਤੀ ਗਈ ਹੈ ਮੁੱਖ ਖੇਤੀਬਾੜੀ ਅਫ਼ਸਰ, ਅੰਮ੍ਰਿਤਸਰ ਡਾ. ਗੁਰਸਾਹਿਬ ਸਿੰਘ ਨੇ ਸਮੂਹ ਖ਼ਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਪੀ.ਓ.ਐਸ ਮਸ਼ੀਨਾਂ ਵਿਚੋਂ ਵਿਕਰੀ ਹੋਇਆ ਸਟਾਕ ਕਲੀਅਰ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਫ਼ਸਲਾਂ ਦੀ ਲੋੜ ਅਨੁਸਾਰ ਹੀ ਖ਼ਾਦ ਦਿੱਤੀ ਜਾਵੇ ਅਤੇ ਫਾਲਤੂ ਖ਼ਾਦ ਦੀ ਵਿਕਰੀ ਬਿਲਕੁਲ ਨਾ ਕੀਤੀ ਜਾਵੇ। ਜੇਕਰ ਕੋਈ ਵੀ ਖ਼ਾਦ ਵਿਕਰੇਤਾ ਯੂਰੀਆ ਖਾਦ ਇੰਡਸਟਰੀਆਂ ਨੂੰ ਵੇਚਦਾ ਫੜਿਆ ਗਿਆ ਤਾਂ ਉਸ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਸੰਯੁਕਤ ਡਾਇਰੈਕਟਰ ਡਾ. ਜਗਦੀਸ਼ ਸਿੰਘ ਵੱਲੋਂ ਸਮੂਹ ਬਲਾਕ ਖੇਤੀਬਾੜੀ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਕਿ ਸਮੂਹ ਖ਼ਾਦ ਵਿਕਰੇਤਾਵਾਂ, ਫੀਡ ਅਤੇ ਪਲਾਈਵੁੱਡ ਇੰਡਸਟਰੀ ਦੀ ਲਗਾਤਾਰ ਚੈਕਿੰਗ ਕੀਤੀ ਜਾਵੇ ਅਤੇ ਜੇਕਰ ਕਿਸੇ ਇੰਡਸਟਰੀ ਵਿਚ ਸਬਸਿਡੀ ਵਾਲੇ ਯੂਰੀਆ ਦੀ ਵਰਤੋਂ ਹੁੰਦੀ ਪਾਈ ਜਾਂਦੀ ਹੈ ਤਾਂ ਉਸ ਇੰਡਸਟਰੀ 'ਤੇ ਖਾਦ ਕੰਟਰੋਲ ਆਰਡਰ 1985 ਅਤੇ ਜ਼ਰੂਰੀ ਵਸਤਾਂ ਐਕਟ 1955 ਤਹਿਤ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ।

ਵਿਸਾਖੀ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ

# ਲੱਖਾਂ ਸ਼ਰਧਾਲੂਆਂ ਦੀ ਭਾਰੀ ਭੀੜ, ਧਾਰਮਿਕ ਰੰਗ 'ਚ ਰੰਗਿਆ ਤਲਵੰਡੀ ਸਾਬੋ

## ਵੱਖ-ਵੱਖ ਸਿਆਸੀ ਪਾਰਟੀਆਂ ਦੇ ਮੰਤਰੀਆਂ ਅਤੇ ਵਿਧਾਇਕਾਂ ਵੱਲੋਂ ਵੀ ਤਖ਼ਤ ਸਾਹਿਬ ਵਿਖੇ ਮੱਥਾ ਟੇਕਿਆ ਗਿਆ ਅਤੇ ਗੁਰੂ ਸਾਹਿਬ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ












ਤਲਵੰਡੀ ਸਾਬੋ, 14 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਾਵਨ ਮੌਕੇ 'ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਸਾਰਾ ਤਲਵੰਡੀ ਸਾਬੋ ਧਾਰਮਿਕ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ ਅਤੇ ਹਰ ਪਾਸੇ "ਬੋਲੇ ਸੋ ਨਿਹਾਲ" ਦੇ ਜੈਕਾਰਿਆਂ ਨਾਲ ਗੂੰਜ ਉਠਿਆ। ਇਸ ਪਾਵਨ ਦਿਹਾੜੇ ਮੌਕੇ ਗੁਰਦੁਆਰਾ ਸਾਹਿਬ ਵਿੱਚ ਸਵੇਰੇ ਤੋਂ ਹੀ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਕੀਰਤਨ ਦਰਬਾਰ ਸਜੇ, ਜਿੱਥੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਵਿੱਤਰ ਸਰੋਵਰਾਂ ਵਿੱਚ ਇਸ਼ਨਾਨ ਕਰਕੇ ਆਪਣੀ ਹਾਜ਼ਰੀ ਦਰਜ ਕਰਵਾਈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਨਤਮਸਤਕ ਹੋਣ ਪਹੁੰਚੇ। ਉਹਨਾਂ ਸੰਗਤਾਂ ਨੂੰ ਵਿਸਾਖੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਖਾਲਸਾ ਸਾਜਨਾ ਦਿਵਸ ਸਿੱਖ ਕੌਮ ਲਈ ਅਤਿ ਮਹੱਤਵਪੂਰਨ ਦਿਹਾੜਾ ਹੈ, ਜੋ ਸਾਨੂੰ ਸਿੱਖੀ ਦੇ ਅਸੂਲਾਂ 'ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ। ਇਸ ਦੇ ਨਾਲ ਹੀ ਵੱਖ-ਵੱਖ ਸਿਆਸੀ ਪਾਰਟੀਆਂ ਦੇ ਮੰਤਰੀਆਂ ਅਤੇ ਵਿਧਾਇਕਾਂ ਵੱਲੋਂ ਵੀ ਤਖ਼ਤ ਸਾਹਿਬ ਵਿਖੇ ਮੱਥਾ ਟੇਕਿਆ ਗਿਆ ਅਤੇ ਗੁਰੂ ਸਾਹਿਬ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ। ਉਨ੍ਹਾਂ ਨੇ ਕਿਹਾ ਕਿ ਵਿਸਾਖੀ ਦਾ ਦਿਹਾੜਾ ਸਾਨੂੰ ਇਕਤਾ, ਭਾਈਚਾਰੇ ਅਤੇ ਸੇਵਾ ਭਾਵਨਾ ਦਾ ਸੰਦੇਸ਼ ਦਿੰਦਾ ਹੈ। ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦਿਆਂ ਪ੍ਰਸ਼ਾਸਨ ਅਤੇ ਸੇਵਾਦਾਰਾਂ ਵੱਲੋਂ ਵਧੀਆ ਪ੍ਰਬੰਧ ਕੀਤੇ ਗਏ ਸਨ। ਲੰਗਰ ਦੇ ਵਿਸ਼ਾਲ ਪ੍ਰਬੰਧ ਕੀਤੇ ਗਏ, ਜਿੱਥੇ ਹਜ਼ਾਰਾਂ ਸ਼ਰਧਾਲੂਆਂ ਨੇ ਗੁਰੂ ਕਾ ਲੰਗਰ ਛਕਿਆ। ਸੁਰੱਖਿਆ ਅਤੇ ਟਰੈਫਿਕ ਪ੍ਰਬੰਧ ਵੀ ਚੁਸਤ ਦਰੁਸਤ ਰਹੇ, ਜਿਸ ਨਾਲ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਹੀਂ ਕਰਨਾ ਪਿਆ। ਸਮਾਗਮ ਦੌਰਾਨ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਹਰ ਕੋਈ ਗੁਰੂ ਘਰ ਦੀਆਂ ਖੁਸ਼ੀਆਂ ਵਿੱਚ ਰੰਗਿਆ ਨਜ਼ਰ ਆਇਆ। ਵਿਸਾਖੀ ਦਾ ਇਹ ਪਵਿੱਤਰ ਦਿਹਾੜਾ ਤਲਵੰਡੀ ਸਾਬੋ ਵਿੱਚ ਸ਼ਰਧਾ, ਭਗਤੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਵਿਸਾਖੀ ਮੌਕੇ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ ਨਤਮਸਤਕ

# ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਖ਼ਿਲਾਫ਼ ਨਵਾਂ ਕਾਨੂੰਨ ਜਲਦ ਲਾਗੂ





ਤਲਵੰਡੀ ਸਾਬੋ,14 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਅੱਜ ਪਵਿੱਤਰ ਤਿਉਹਾਰ ਵਿਸਾਖੀ ਦੇ ਮੌਕੇ 'ਤੇ ਪੰਜਾਬ ਸਰਕਾਰ ਦੇ ਕੈਬਿਨਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਗੁਰੂ ਘਰ ਦੀਆਂ ਬਖ਼ਿਸ਼ਸ਼ਾਂ ਪ੍ਰਾਪਤ ਕੀਤੀਆਂ ਗਈਆਂ। ਇਸ ਮੌਕੇ ਉਨ੍ਹਾਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਅਕਾਲ ਪੁਰਖ ਦਾ ਸ਼ੁਕਰਾਨਾ ਅਦਾ ਕੀਤਾ।ਕੈਬਿਨਟ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਨੇ ਸਮੂਹ ਪੰਜਾਬ ਵਾਸੀਆਂ ਨੂੰ ਵਿਸਾਖੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਇਹ ਦਿਨ ਸਿੱਖ ਕੌਮ ਦੀ ਸ਼ਾਨ, ਬਹਾਦਰੀ ਅਤੇ ਅਟੱਲ ਵਿਸ਼ਵਾਸ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਵਿਸਾਖੀ ਸਾਨੂੰ ਸਦਾ ਸੱਚ ਅਤੇ ਜਬਰ-ਜ਼ੁਲਮ ਦੇ ਖ਼ਿਲਾਫ ਖੜ੍ਹੇ ਹੋਣ ਦੀ ਪ੍ਰੇਰਨਾ ਦਿੰਦੀ ਹੈ ਅਤੇ ਸਾਨੂੰ ਆਪਣੇ ਅਸੂਲਾਂ 'ਤੇ ਡਟੇ ਰਹਿਣ ਦੀ ਸਿੱਖਿਆ ਦਿੰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਨਿਆਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਸੂਬੇ ਵਿੱਚ ਅਮਨ-ਸ਼ਾਂਤੀ, ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਨੇ ਸਭ ਨੂੰ ਅਪੀਲ ਕੀਤੀ ਕਿ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਆਪਸੀ ਸਾਂਝ ਅਤੇ ਏਕਤਾ ਨੂੰ ਹੋਰ ਮਜ਼ਬੂਤ ਬਣਾਇਆ ਜਾਵੇ ਅਤੇ ਸਮਾਜ ਵਿੱਚ ਪਿਆਰ ਤੇ ਸਦਭਾਵਨਾ ਦਾ ਸੰਦੇਸ਼ ਫੈਲਾਇਆ ਜਾਵੇ। ਇਸ ਮੌਕੇ ਕੈਬਿਨਟ ਮੰਤਰੀ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਸਬੰਧੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਸੰਬੰਧੀ ਨਵਾਂ ਕਾਨੂੰਨ ਤਿਆਰ ਕੀਤਾ ਗਿਆ ਹੈ, ਜੋ ਰਾਜਪਾਲ ਕੋਲ ਮਨਜ਼ੂਰੀ ਲਈ ਭੇਜ ਦਿੱਤਾ ਗਿਆ ਹੈ ਅਤੇ ਉਮੀਦ ਹੈ ਕਿ ਇਹ ਛੇਤੀ ਹੀ ਪਾਸ ਹੋ ਕੇ ਲਾਗੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਸਾਨਾਂ ਨਾਲ ਸੰਬੰਧਿਤ ਮਸਲਿਆਂ 'ਤੇ ਗੱਲ ਕਰਦਿਆਂ ਕਿਹਾ ਕਿ ਕਣਕਾਂ ਦੀ ਖਰੀਦ ਅਤੇ ਪ੍ਰਬੰਧਾ ਲਈ ਸਰਕਾਰ ਵੱਲੋਂ ਪੁਖਤਾ ਇੰਤਜ਼ਾਮ ਕੀਤੇ ਗਏ ਹਨ। ਉਨ੍ਹਾਂ ਨੇ ਦੱਸਿਆ ਕਿ ਮੰਡੀਆਂ ਵਿੱਚ ਸੁੱਚਜੇ ਪ੍ਰਬੰਧ ਕਰ ਦਿੱਤੇ ਗਏ ਹਨ ਅਤੇ ਸਮੇਂ ਸਿਰ ਭੁਗਤਾਨ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਉਣ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕੋਈ ਰੁਕਾਵਟ ਨਾ ਆਵੇ। ਕੈਬਿਨਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਬਾਬਾ ਬਲਬੀਰ ਸਿੰਘ 96 ਕਰੋੜੀ ਨਾਲ ਮੁਲਾਕਾਤ ਕੀਤੀ । ਇਸ ਦੌਰਾਨ ਉਨ੍ਹਾਂ ਨੇ ਧਾਰਮਿਕ ਤੇ ਸਮਾਜਿਕ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਸਮਾਜ ਵਿੱਚ ਏਕਤਾ,ਭਾਈਚਾਰੇ ਅਤੇ ਸੇਵਾ ਭਾਵਨਾ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ।




ਆਵਾਜ਼ਿ ਕੌਮ AWAZE QAUM International Newspaper & WEB TV

## ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ ਖਾਲਸਾ ਪੰਥ ਦਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਤਿਉਹਾਰ ਮਨਾਇਆ

# ਸਕੂਲ ਸਟਾਫ ਵੱਲੋਂ ਬੱਚਿਆਂ ਨੂੰ ਪੰਜਾਬੀ ਵਿਰਸੇ ਤੋਂ ਜਾਣੂੰ ਕਰਵਾਇਆ ਤੇ ਵਿਸਾਖੀ ਦੀਆਂ ਮੁਬਾਰਕਾਂ ਦਿੱਤੀਆਂ





ਹਠੂਰ/ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਇਲਾਕੇ ਦੀ ਨਾਮਵਾਰ ਵਿੱਦਿਅਕ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਦੀ ਦੇਖ ਰੇਖ ਹੇਠ ਖਾਲਸਾ ਪੰਥ ਦਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ,

ਪ੍ਰੋਗਰਾਮ ਦੀ ਸੁਰੂਆਤ ਬੱਚਿਆਂ ਨੇ ਧਾਰਮਿਕ ਸ਼ਬਦ ਗੀਤ ਗਾ ਕੇ ਕੀਤੀ, ਤੇ ਬਾਅਦ ਵਿੱਚ ਬੱਚਿਆਂ ਦੁਆਰਾ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਮੁੱਖ ਰੱਖਦਿਆਂ ਕਵੀਸ਼ਰੀਆਂ ਧਾਰਮਿਕ ਕਵਿਤਾਵਾਂ, ਕੋਰਿਉਗ੍ਰਾਫੀਆਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ, ਇਸ ਦੇ ਨਾਲ-ਨਾਲ ਸਕੂਲ ਸਟਾਫ਼ ਵੱਲੋਂ ਤਿਆਰ ਕਰਵਾਏ ਗਏ ਬੱਚਿਆਂ ਵੱਲੋਂ ਪੁਰਾਤਨ ਸੱਭਿਆਚਾਰ ਅਤੇ ਵਿਰਸੇ ਨਾਲ ਸਬੰਧਿਤ ਹਰ ਰੰਗ ਦੀ ਸ਼ਾਨਦਾਰ ਝਲਕ ਪੇਸ਼ ਕੀਤੀ, ਤੇ ਬੱਚਿਆਂ ਨੇ ਖੂਬ ਮਨੋਰੰਜਨ ਕੀਤਾ, ਇਸ ਮੌਕੇ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਬੱਚਿਆਂ ਨੂੰ ਖਾਲਸਾ ਪੰਥ ਦੇ ਸਾਜਨਾ ਦਿਵਸ ਬਾਰੇ ਵਿਸਥਾਰ ਪੂਰਬਕ ਚਾਨਣਾ ਪਾਇਆ, ਕਿ ਕਿਸ ਤਰ੍ਹਾਂ ਸਾਹਿਬ-ਏ-ਕਮਾਲ ਸਰਬੰਸ ਦਾਨੀ ਬਾਜਾਂ ਵਾਲੇ ਸ਼ਿਹਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਨੰਦਪੁਰ ਸਾਹਿਬ ਦੀ ਧਰਤੀ ਤੇ ਖਾਲਸਾ ਪੰਥ ਸਜਾਇਆ ਤੇ ਖਾਲਸਾ ਪੰਥ ਦੀ ਨੀਂਹ ਰੱਖ ਕੇ ਕੌਮ ਨੂੰ ਗਿੱਦੜੋਂ ਸ਼ੇਰ ਬਣਾਇਆ, ਉਸ ਅੰਮ੍ਰਿਤ ਦੇ ਦਾਤੇ, ਪੁੱਤਰਾਂ ਦੇ ਦਾਨੀ ਵੱਲੋਂ ਜੁਲਮਾਂ ਖਿਲਾਫ ਲੜੀਆਂ ਜੰਗਾਂ ਅਤੇ ਸਿੱਖ ਕੌਮ ਲਈ ਲਈ ਪੀਤੇ ਸ਼ਹਾਦਤਾਂ ਦੇ ਯਾਮ ਨੂੰ ਰਹਿੰਦੀ ਦੁਨੀਆਂ ਤੱਕ ਭੁਲਾਇਆ ਨਹੀਂ ਜਾ ਸਕਦਾ, ਉਨ੍ਹਾਂ ਸਮੂਹ ਸਟਾਫ ਅਤੇ ਬੱਚਿਆਂ ਨੂੰ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਮੁਬਾਰਕਾਂ ਦਿੱਤੀਆਂ, ਸਕੂਲ ਦੇ ਬੱਚਿਆਂ ਵੱਲੋਂ ਪੁਰਾਤਨ ਪੰਜਾਬੀ ਵਿਰਸੇ ਨਾਲ ਸਬੰਧਿਤ ਨਾਟਕ ਅਤੇ ਸਕਿੱਟ ਵੀ ਪੇਸ਼ ਕੀਤੇ ਜਿੰਨ੍ਹਾਂ ਨੂੰ ਸਾਰਿਆਂ ਨੇ ਖੂਬ ਪਸੰਦ ਕੀਤਾ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਪੁਰਾਤਨ ਪੰਜਾਬੀ ਵਿਰਸੇ ਨਾਲ ਸੰਬਧਿਤ ਪੁਰਾਤਨ ਵਸਤੂਆਂ ਬਾਰੇ ਵੀ ਬੱਚਿਆਂ ਨੂੰ ਜਾਣਕਾਰੀ ਦਿੱਤੀ। ਕਿ ਪਹਿਲਾਂ ਲੋਕ ਖੇਤਾਂ ਵਿੱਚ ਕਿਸ ਤਰ੍ਹਾਂ ਹੱਥੀਂ ਕਿਰਤ ਕਰਦੇ ਸਨ। ਤੇ ਕਿਸ ਤਰ੍ਹਾਂ ਹਲ੍ਹ ਵਾਹੁੰਦੇ ਹੁੰਦੇ ਸਨ। ਕਿਸ ਤਰ੍ਹਾਂ ਹੱਥੀਂ ਕਣਕਾਂ ਦੀ ਵਾਢੀ ਕਰਦੇ ਸਨ।ਤੇ ਬੀਬੀਆਂ ਖੇਤਾਂ ਵਿੱਚ ਭੱਤਾ ਲੈ ਕੇ ਜਾਂਦੀਆਂ ਹੁੰਦੀਆਂ ਸਨ। ਤੇ ਸਾਰੇ ਇੱਕ ਦੂਜੇ ਨਾਲ ਮਦਦ ਵੀ ਕਰਵਾਉਂਦੇ ਸਨ। ਉਨ੍ਹਾਂ ਬੱਚਿਆਂ ਨੂੰ ਕਣਕ ਦੀਆਂ ਪੱਕੀਆਂ ਫ਼ਸਲਾਂ ਵਿੱਚ ਲਿਜਾ ਕੇ ਹਰ ਪੱਖ ਤੋਂ ਚਾਨਣਾ ਪਾਇਆ, ਤੇ ਇਹ ਵੀ ਦੱਸਿਆ ਕਿ ਕਿਸ ਤਰ੍ਹਾਂ ਲੋਕ ਪੁਰਾਤਨ ਸਮੇਂ ਤੋਂ ਵਿਸਾਖੀ ਮੇਲੇ ਨੂੰ ਮਹੱਤਤਾ ਦਿੰਦੇ ਹਨ। ਤੇ ਧੂਮ ਧਾਮ ਨਾਲ ਵਿਸਾਖੀ ਮਨਾਉਂਦੇ ਆ ਰਹੇ ਹਨ। ਅੰਤ ਵਿੱਚ ਉਨ੍ਹਾਂ ਮੁੜ ਤੋਂ ਸਾਰਿਆਂ ਨੂੰ ਵਿਸਾਖੀ ਦੀਆਂ ਮੁਬਾਰਕਾਂ ਦਿੱਤੀਆਂ, ਤੇ ਬੱਚਿਆਂ ਨੇ ਵੀ ਦਿੱਤੀ ਹਰ ਤਰ੍ਹਾਂ ਦੀ ਜਾਣਕਾਰੀ ਹਾਸਿਲ ਕੀਤੀ, ਵਿਸਾਖੀ ਦੇ ਦਿਹਾੜੇ ਮੌਕੇ ਬੱਚਿਆਂ ਨੇ ਖੂਬ ਮਨੋਰੰਜਨ ਕੀਤਾ ਤੇ ਸਕੂਲ ਪ੍ਰਿੰਸੀਪਲ ਅਤੇ ਵਾਇਸ ਪ੍ਰਿੰਸੀਪਲ ਸਮੇਤ ਸਮੂਹ ਸਕੂਲ ਸਟਾਫ ਦਾ ਧੰਨਵਾਦ ਕੀਤਾ, ਇਸ ਮੌਕੇ ਮੈਡਮ ਚਰਨਜੀਤ ਕੌਰ, ਸੰਦੀਪ ਕੌਰ, ਹਰਪ੍ਰੀਤ ਕੌਰ, ਸੰਦੀਪ ਕੌਰ, ਸੁਖਦੀਪ ਕੌਰ, ਹਰਵਿੰਦਰ ਕੌਰ, ਅਮਨਜੋਤ ਕੌਰ,ਅਮਨਦੀਪ ਕੌਰ, ਮਧੂ , ਰਮਨਦੀਪ ਕੌਰ, ਗੁਰਪ੍ਰੀਤ ਕੌਰ, ਗਗਨਦੀਪ ਕੌਰ, ਗੁਰਵਿੰਦਰ ਕੌਰ, ਰਾਜਵੀਰ ਕੌਰ ਕਮਲਜੀਤ ਕੌਰ, ਆਰਟਿਸਟ ਗੁਰਮੀਤ ਸਿੰਘ ਹਠੂਰ, ਡੀ.ਪੀ ਹਰਮਨ ਸਿੰਘ ਆਦਿ ਹਾਜਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

# ਰਿਸ਼ੀ ਬਰਦਰਜ਼ ਟੀ20 ਕ੍ਰਿਕਟ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼, ਕੇਜੀਐਫ ਅਤੇ ਬਰਾਰ ਸੁਪਰ ਕਿੰਗਜ਼ ਨੇ ਜਿੱਤੇ ਉਦਘਾਟਨੀ ਮੁਕਾਬਲੇ




ਚੌਕ ਮਹਿਤਾ,14 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ): ਰਿਸ਼ੀ ਬਰਦਰਜ਼ ਟੀ20 ਕ੍ਰਿਕਟ ਟੂਰਨਾਮੈਂਟ ਦੇ ਚੌਥੇ ਸੰਸਕਰਣ ਦੀ ਸ਼ੁਰੂਆਤ ਮੰਗਲਵਾਰ ਨੂੰ ਡੇਰਾਬੱਸੀ ਨੇੜੇ ਦੱਪਰ ਵਿਖੇ ਇੰਦਰਜੀਤ ਕ੍ਰਿਕਟ ਅਕੈਡਮੀ ਵਿੱਚ ਹੋਈ।ਉਦਘਾਟਨੀ ਦਿਨ ਦੋ ਦਿਲਚਸਪ ਮੁਕਾਬਲੇ ਖੇਡੇ ਗਏ ਪਹਿਲੇ ਹਾਈ-ਸਕੋਰਿੰਗ ਮੈਚ ਵਿੱਚ ਕੇਜੀਐਫ ਨੇ ਸ਼ਾਨਦਾਰ ਬੱਲੇਬਾਜ਼ੀ ਕਰਦੇ ਹੋਏ ਇੰਦਰਜੀਤ ਟੀਐਸਐਮ ਨੂੰ 111 ਰਨਾਂ ਨਾਲ ਹਰਾ ਦਿੱਤਾ ਪਹਿਲਾਂ ਬੱਲੇਬਾਜ਼ੀ ਕਰਦਿਆਂ ਕੇਜੀਐਫ ਨੇ 20 ਓਵਰਾਂ ਵਿੱਚ 312/5 ਦਾ ਵੱਡਾ ਸਕੋਰ ਬਣਾਇਆ। ਅੰਕਿਤ ਕੁਮਾਰ ਨੇ ਕੇਵਲ 34 ਗੇਂਦਾਂ ਵਿੱਚ ਧਮਾਕੇਦਾਰ 100 ਰਨਾਂ ਦੀ ਪਾਰੀ ਖੇਡੀ। ਮਹੀਮ ਮਲਿਕ ਨੇ ਨਾਬਾਦ 89 ਅਤੇ ਵੰਸ਼ ਯਾਦਵ ਨੇ 56 ਰਨਾਂ ਦੀ ਮਹੱਤਵਪੂਰਨ ਪਾਰੀਆਂ ਖੇਡੀਆਂ ਜਵਾਬ ਵਿੱਚ ਟੀਐਸਐਮ ਦੀ ਟੀਮ 201/9 ਤੱਕ ਹੀ ਪਹੁੰਚ ਸਕੀ। ਮੈਨ ਆਫ ਦ ਮੈਚ ਅੰਕਿਤ ਕੁਮਾਰ ਰਹੇ, ਜੋ ਹਰਿਆਣਾ ਰਣਜੀ ਟੀਮ ਅਤੇ ਨਾਰਥ ਜੋਨ ਦੇ ਕਪਤਾਨ ਵੀ ਰਹੇ ਹਨ ਦੂਜੇ ਮੈਚ ਵਿੱਚ ਵੀ ਰਨਾਂ ਦੀ ਬਰਸਾਤ ਹੋਈ, ਜਿੱਥੇ ਬਰਾਰ ਸੁਪਰ ਕਿੰਗਜ਼ ਨੇ ਵਧੀਆ ਪ੍ਰਦਰਸ਼ਨ ਕਰਦਿਆਂ ਵਰਮਾ ਕ੍ਰਿਕਟ ਕਲੱਬ ਨੂੰ 7 ਵਿਕਟਾਂ ਨਾਲ ਹਰਾਇਆ। ਵਰਮਾ ਕ੍ਰਿਕਟ ਕਲੱਬ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 233/6 ਦਾ ਮਜ਼ਬੂਤ ਸਕੋਰ ਬਣਾਇਆ। ਟੀਮ ਲਈ ਸੇਖੋਂ ਪਵਨ (49), ਸੋਨੂ ਕੌਸ਼ਲ (49) ਅਤੇ ਰੰਧੂ (ਨਾਬਾਦ 34) ਨੇ ਵਧੀਆ ਯੋਗਦਾਨ ਦਿੱਤਾ। ਲਕਸ਼ ਦਾ ਪਿੱਛਾ ਕਰਦਿਆਂ ਬਰਾਰ ਸੁਪਰ ਕਿੰਗਜ਼ ਨੇ ਸਿਰਫ 18.1 ਓਵਰਾਂ ਵਿੱਚ 3 ਵਿਕਟਾਂ ਗੁਆ ਕੇ ਜਿੱਤ ਦਰਜ ਕਰ ਲਈ। ਲਵਪ੍ਰੀਤ ਬਰਾਰ ਨੇ ਨਾਬਾਦ 87 ਰਨਾਂ ਦੀ ਸ਼ਾਨਦਾਰ ਪਾਰੀ ਖੇਡੀ, ਜਦਕਿ ਸਾਹਿਲ ਲਖਲਾਨ ਨੇ ਤੇਜ਼ 51 ਰਨ ਬਣਾਏ।ਅੰਕਿਤ ਨਰਵਾਲ ਨੇ ਵੀ ਨਾਬਾਦ 40 ਰਨ ਬਣਾਏ ਅਤੇ ਗੇਂਦਬਾਜ਼ੀ ਵਿੱਚ 3 ਵਿਕਟਾਂ ਲੈ ਕੇ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਮੁੱਖ ਅਤਿਥੀ ਸੁਸ਼ੀਲ ਚੌਧਰੀ (ਗੋਰਟਨਸ਼ਾਇਰ ਕੰਪਨੀ ਦੇ ਮਾਲਕ) ਨੇ ਰਾਜੀਵ ਰਿਸ਼ੀ ਅਤੇ ਸਚਿਨ ਰਿਸ਼ੀ ਦੀ ਮੌਜੂਦਗੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਮ੍ਰਿਤਸਰ ਪ੍ਰੈਸ ਕਲੱਬ ਚੋਣਾਂ ਵਿੱਚ ਰਣਜੀਤ ਸਿੰਘ ਮਸੌਣ ਬਤੌਰ ਪ੍ਰਧਾਨ ਅਤੇ ਰਮੇਸ਼ ਰਾਮਪੁਰਾ ਜੀ ਸੀਨੀਅਰ ਮੀਤ ਪ੍ਰਧਾਨ ਦੇ ਅਹੁਦਿਆਂ ਤੇ ਲੜਨਗੇ ਚੋਣ

## ਜਿਲਾ ਬਾਡੀ ਦਾ ਵਿਸਥਾਰ ਫੁਲਜੀਤ ਵਰਪਾਲ ਜ਼ਿਲਾ ਪ੍ਰਧਾਨ ਅਤੇ ਹਰਪਾਲ ਸਿੰਘ ਜਨਰਲ ਸਕੱਤਰ ਨਿਯੁਕਤ



ਚੌਕ ਮਹਿਤਾ,14 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਦੀ ਪ੍ਰਧਾਨਗੀ ਐਸੋਸੀਏਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਮਸੌਣ ਵੱਲੋਂ ਕੀਤੀ ਗਈ। ਇਸ ਮੌਕੇ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਹਾਜ਼ਰੀ ਰਹੀ। ਮੀਟਿੰਗ ਦੌਰਾਨ ਜ਼ਿਲਾ ਬਾਡੀ ਵਿੱਚ ਵਿਸਥਾਰ ਕਰਦਿਆਂ ਫੁਲਜੀਤ ਸਿੰਘ ਵਰਪਾਲ ਨੂੰ ਜ਼ਿਲਾ ਪ੍ਰਧਾਨ ਅਤੇ ਸੀਨੀਅਰ ਪੱਤਰਕਾਰ ਹਰਪਾਲ ਸਿੰਘ ਨੂੰ ਜ਼ਿਲਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਨਵੀਂ ਜ਼ਿੰਮੇਵਾਰੀ ਸੰਭਾਲਣ ਉਪਰੰਤ ਹਰਪਾਲ ਸਿੰਘ ਅਤੇ ਫੁਲਜੀਤ ਸਿੰਘ ਵਰਪਾਲ ਵੱਲੋਂ ਐਸੋਸੀਏਸ਼ਨ ਨੂੰ ਭਰੋਸਾ ਦਿਵਾਇਆ ਗਿਆ ਕਿ ਉਹ ਬਿਨਾਂ ਕਿਸੇ ਪੱਖਪਾਤ ਦੇ ਕੰਮ ਕਰਦੇ ਹੋਏ ਪੱਤਰਕਾਰ ਭਾਈਚਾਰੇ ਦੀ ਭਲਾਈ ਲਈ ਹਮੇਸ਼ਾ ਤਤਪਰ ਰਹਿਣਗੇ ਇਸ ਦੌਰਾਨ ਅੰਮ੍ਰਿਤਸਰ ਪ੍ਰੈਸ ਕਲੱਬ ਦੀਆਂ ਆਉਣ ਵਾਲੀਆਂ ਚੋਣਾਂ ਸਬੰਧੀ ਵੀ ਚਰਚਾ ਕੀਤੀ ਗਈ। ਐਸੋਸੀਏਸ਼ਨ ਵੱਲੋਂ ਬਤੌਰ ਪ੍ਰਧਾਨ ਰਣਜੀਤ ਸਿੰਘ ਮਸੌਣ ਅਤੇ ਸੀਨੀਅਰ ਮੀਤ ਪ੍ਰਧਾਨ ਲਈ ਰਮੇਸ਼ ਕੁਮਾਰ ਰਾਮਪੁਰਾ ਦੇ ਹੱਕ ਵਿੱਚ ਸਮੂਹ ਪੱਤਰਕਾਰਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਗਈ। ਐਸੋਸੀਏਸ਼ਨ ਦੇ ਚੇਅਰਮੈਨ ਰਮੇਸ਼ ਕੁਮਾਰ ਰਾਮਪੁਰਾ ਵੱਲੋਂ ਜ਼ਿਲਾ ਬਾਡੀ ਵਿੱਚ ਕੀਤੀਆਂ ਨਵੀਂ ਨਿਯੁਕਤੀਆਂ ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਵੱਲੋਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਨਿਸ਼ਠਾ ਨਾਲ ਨਿਭਾਇਆ ਜਾਵੇਗਾ ਅਤੇ ਭਵਿੱਖ ਵਿੱਚ ਪੱਤਰਕਾਰਾਂ ਦੇ ਹਿੱਤਾਂ ਦੀ ਰੱਖਿਆ ਲਈ ਹਰੇਕ ਸੰਭਵ ਯਤਨ ਕੀਤੇ ਜਾਣਗੇ। ਇਸ ਮੌਕੇ ਜਨਰਲ ਸਕੱਤਰ ਜੋਗਾ ਸਿੰਘ, ਮੀਤ ਪ੍ਰਧਾਨ ਰਜਨੀਸ਼ ਕੌਸ਼ਲ, ਮੀਤ ਪ੍ਰਧਾਨ ਰਾਘਵ ਅਰੋੜਾ, ਸਰਪਰਸਤ ਹਰੀਸ ਸੂਰੀ, ਅਜੇ ਪੰਡਿਤ, ਵਿਸ਼ਾਲ ਸ਼ਰਮਾ, ਕੁਸ਼ਾਲ ਸ਼ਰਮਾ, ਅਮੀਤਾ ਸਮੇਤ ਕਈ ਪੱਤਰਕਾਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੇਵਾ ਮੁਕਤ ਪਟਵਾਰੀ ਕਾਨੂੰਗੋ ਨਾਇਬ ਤਹਿਸੀਲਦਾਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਤਰਨ ਤਰਨ ਤੇ

# ਪੰਜਾਬ ਦੇ ਸਮੂਹ ਮੈਂਬਰਾਂ ਦੀ ਹੰਗਾਮੀ ਮੀਟਿੰਗ ਹੋਈ-ਲਖਵਿੰਦਰ ਸਿੰਘ ਕੋਹਲੀ



**ਜੰਡਿਆਲਾ ਗੁਰੂ, 14 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਅੱਜ ਸੇਵਾ ਮੁਕਤ ਪਟਵਾਰੀ ਕਾਨੂੰਗੋ ਨਾਇਬ ਤਹਿਸੀਲਦਾਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਤਰਨ ਤਰਨ ਪੰਜਾਬ ਸਮੂਹ ਮੈਂਬਰਾਂ ਦੀ ਹੰਗਾਮੀ ਮੀਟਿੰਗ ਹੈਰੀਟੇਜ ਕਲੱਬ ਗਾਂਧੀ ਗਰਾਉਡ ਵਿਖੇ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ ਕੋਹਲੀ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਨਿਰਮਲਜੀਤ ਸਿੰਘ ਬਾਜਵਾ ਪ੍ਰਧਾਨ ਪੰਜਾਬ ਵੈਲਫੇਅਰ ਐਸੋਸੀਏਸ਼ਨ ਉਚੇਚੇ ਤੌਰ ਤੇ ਸ਼ਾਮਿਲ ਹੋਏ।ਅਤੇ ਹਰਪਾਲ ਸਿੰਘ ਸਮਰਾ ਪੰਜਾਬ ਮੀਤ ਪ੍ਰਧਾਨ ਪਟਵਾਰ ਯੂਨੀਅਨ ਅਤੇ ਉਨ੍ਹਾ ਨਾਲ ਤਹਿਸੀਲ ਅੰਮ੍ਰਿਤਸਰ ਵਨ ਅਤੇ ਟੂ ਦੇ ਤਹਿਸੀਲਦਾਰ ਪ੍ਰਧਾਨ ਅਤੇ ਜਨਰਲ ਸਕੱਤਰ ਹਾਜ਼ਰ ਹੋਏ। ਵੱਖ ਵੱਖ ਬੁਲਾਰੇ ਅਤੇ ਸਾਬਕਾ ਪ੍ਰਧਾਨ ਤੇ ਜਨਰਲ ਸਕੱਤਰ ਜ਼ਿਲ੍ਹਾ ਸਰਦਾਰ ਹਰਜੀਤ ਸਿੰਘ ਸੈਦੋਲੇਹਲ ਸਾਬਕਾ ਜਨਰਲ ਸਕੱਤਰ ਸਰਦਾਰ ਕੁਲਵੰਤ ਸਿੰਘ ਡੇਹਰੀਵਾਲ ਸਾਬਕਾ ਜਿਲਾ ਪ੍ਰਧਾਨ ਸਰਦਾਰ ਹਰਿਮੰਦਰ ਸਿੰਘ ਸਾਬਕਾ ਪ੍ਰਧਾਨ ਤਰਨ ਤਾਰਨ ਜ਼ਿਲ੍ਹੇ ਵਿੱਚੋਂ ਸਰਦਾਰ ਜਸਬੀਰ ਸਿੰਘ ਬੱਲ ਸਾਬਕਾ ਜ਼ਿਲਾ ਪ੍ਰਧਾਨ ਕਾਨੂੰਗੋ ਐਸੋਸੀਏਸ਼ਨ ਸ੍ਰੀ ਅਸ਼ੋਕ ਕੁਮਾਰ ਨਾਇਬ ਤਹਿਸੀਲਦਾਰ ਰਿਟਾਇਰ ਕਾਨੂੰਗੋ ਸਰਦਾਰ ਮੇਜਰ ਸਿੰਘ ਭੋਮਾ ਸ੍ਰੀ ਰਮੇਸ਼ ਪਾਲ ਕਾਨੂਗੋ ਸਰਦਾਰ ਹਰਭਜਨ ਸਿੰਘ ਐਡਵੋਕੇਟ ਸਾਬਕਾ ਕਾਨੂੰਗੋ ਸ੍ਰੀ ਜਤਿੰਦਰ ਕੁਮਾਰ ਕਾਨੂੰਗੋ ਸਰਦਾਰ ਜੋਗਿੰਦਰ ਸਿੰਘ ਕਾਨੂੰਗੋ ਸ੍ਰੀ ਵਿਪਨ ਕੁਮਾਰ ਕਾਨੂੰਗੋ ਸਰਦਾਰ ਤਰਸੇਮ ਸਿੰਘ ਫੱਤੂ ਭੀਲਾ ਅਤੇ ਤਹਿਸੀਲ ਲੋਪੋਕੇ ਦੇ ਮੌਜੂਦਾ ਪ੍ਰਧਾਨ ਸਰਦਾਰ ਕਰਨਜੀਤ ਸਿੰਘ ਅਤੇ ਵੈਲਫੇਅਰ ਐਸੋਸੀਏਸ਼ਨ ਦੇ ਰਿਟਾਇਰ ਰੈਵੀਨਿਊ ਮਹਿਕਮੇ ਦੇ ਤਕਰੀਬਨ 40 / 50 ਮੈਂਬਰ ਆਦਿ ਹਾਜ਼ਰ ਸਨ। ਇਸ ਮੌਕੇ ਤੇ ਵੱਖ ਵੱਖ ਬੁਲਾਰਿਆਂ ਅਤੇ ਮੈਂਬਰਾਂ ਨੇ ਆਪਣੀਆਂ ਮੰਗਾਂ ਸਰਕਾਰ ਦੁਆਲੇ ਰੱਖੀਆਂ, ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਡੀਏ ਦਾ ਬਕਾਇਆ ਤੁਰੰਤ ਦੇਣ ਬਾਰੇ ਰਿਟਾਇਰ ਰੈਵਨਿਊ ਕਰਮਚਾਰੀਆਂ ਦੇ ਮੈਡੀਕਲ ਦੇ ਬਿੱਲ ਦੀ ਤੁਰੰਤ ਅਦਾਇਗੀ ਕਰਨ ਬਾਰੇ, ਮਾਨਯੋਗ ਹਾਈਕੋਰਟ ਦੇ ਫੈਸਲੇ ਜੋ ਕਿ ਮਨੁੱਖੀ ਅਧਿਕਾਰਾਂ ਨੂੰ ਮੁੱਖ ਰੱਖਦੇ ਕੀਤਾ ਗਿਆ ਹੈ ,ਐਸੋਸੀਏਸ਼ਨ ਉਸ ਦਾ ਧੰਨਵਾਦ ਕਰਦੀ ਹੈ।, ਰਿਟਾਇਰ ਪਟਵਾਰੀ ਕਾਨੂੰਗੋ ਨਾਇਬ ਤਹਿਸੀਲਦਾਰ ਵੈਲਫੇਅਰ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਸਰਕਾਰੀ ਦਫਤਰਾਂ ਵਿੱਚ ਤਹਿਸੀਲ ਦਫਤਰਾਂ ਵਿੱਚ ਅਤੇ ਪਟਵਾਰੀ ਕਾਨੂੰਗੋ ਦਫਤਰਾਂ ਵਿੱਚ ਬਤੌਰ ਸੀਨੀਅਰ ਸਿਟੀਜਨ ਮਾਨ ਸਨਮਾਨ ਕਰਨ ਬਾਰੇ ਵੀ ਮੰਗ ਰੱਖੀ, ਰਿਟਾਇਰ ਪਟਵਾਰੀ ਕਾਨੂੰਗੋ ਨਾਈਬ ਤਹਿਸੀਲਦਾਰ ਦੇ ਲੀਵ ਅਤੇ ਕੈਸ਼ ਮੇਟ ਅਤੇ ਹੋਰ ਬਕਾਇਆ ਭੱਤੇ ਤੁਰੰਤ ਦੇਣ ਬਾਰੇ, ਇਸ ਮੌਕੇ ਤੇ ਬੁਲਾਰਿਆਂ ਵਿੱਚੋਂ ਮੌਜੂਦਾ ਮੀਤ ਪ੍ਰਧਾਨ ਪੰਜਾਬ ਪਟਵਾਰ ਯੂਨੀਅਨ ਨੇ ਵਿਸ਼ਵਾਸ ਦਵਾਇਆ ਕਿ ਸਰਕਾਰੀ ਦਫਤਰਾਂ ਪਟਵਾਰੀਆਂ ਕਾਨੂੰਗੋਆ ਵੱਲੋਂ ਰਿਟਾਇਰਡ ਕਾਨੂੰਗੋ ਪਟਵਾਰੀ ਨਾਇਬ ਤਹਸੀਲਦਾਰ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਵਾਇਆ ਅਤੇ ਨਿਰਮਲਜੀਤ ਸਿੰਘ ਬਾਜਵਾ ਪ੍ਰਧਾਨ ਪੰਜਾਬ ਵੈਲਫੇਅਰ ਐਸੋਸੀਏਨ ਨੇ ਵਿਸ਼ਵਾਸ ਦਿਵਾਇਆ ਕਿ ਇਹਨਾਂ ਮੰਗਾਂ ਨੂੰ ਪੰਜਾਬ ਪੱਧਰ ਤੇ ਹੋਣ ਵਾਲੀ ਮੀਟਿੰਗ ਵਿੱਚ ਵੀ ਵਿਚਾਰਿਆ ਜਾਵੇਗਾ।

### ਸੇਵਾ ਮੁਕਤ ਪਟਵਾਰੀ ਕਾਨੂੰਗੋ ਨਾਇਬ ਤਹਿਸੀਲਦਾਰ ਵੈਲਫੇਅਰ ਐਸੋਸੀਏਸ਼ਨ ਨੇ ਸਰਕਾਰ ਅੱਗੇ ਰੱਖੀਆਂ ਅਹਿਮ ਮੰਗਾਂ

## ਡਾ. ਅੰਬੇਡਕਰ ਨੇ ਪੀੜਤ ਵਰਗਾਂ ਨੂੰ

# ਇੱਜ਼ਤ ਨਾਲ ਜੀਣ ਦਾ ਹੱਕ ਵੀ ਦਿਵਾਇਆ- ਹਰਦੀਪ ਗਿੱਲ



ਜੰਡਿਆਲਾ ਗੁਰੂ 14 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਦੇ ਸਬੰਧ ਵਿੱਚ ਉਨ੍ਹਾਂ ਦੀ ਜਨਮ ਭੂਮੀ ਮ੍ਹਉ ਵਿਖੇ ਸ਼ਰਧਾਂਜਲੀ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮੌਕੇ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ , ਮੱਧ ਪ੍ਰਦੇਸ਼ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਪ੍ਰਤਾਪ ਕੁਰੇਸ਼ੀਆ ਅਤੇ ਸਮਾਜ ਸੇਵੀ ਆਗੂ ਜਲਪੇਸ਼ ਬਘੇਲਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਅਤੇ ਬਾਬਾ ਸਾਹਿਬ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ। ਸਮਾਗਮ ਦੌਰਾਨ ਆਗੂਆਂ ਨੇ ਡਾ. ਅੰਬੇਡਕਰ ਦੀ ਮੂਰਤੀ ਅੱਗੇ ਮੱਥਾ ਟੇਕਦੇ ਹੋਏ ਉਨ੍ਹਾਂ ਦੇ ਵਿਚਾਰਾਂ ਨੂੰ ਯਾਦ ਕੀਤਾ ਅਤੇ ਸਮਾਜ ਵਿੱਚ ਸਮਾਨਤਾ ਅਤੇ ਨਿਆਂ ਲਈ ਉਨ੍ਹਾਂ ਦੇ ਯੋਗਦਾਨ ਨੂੰ ਨਮਨ ਕੀਤਾ। ਇਸ ਮੌਕੇ ਬੋਲਦੇ ਹੋਏ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਡਾ. ਅੰਬੇਡਕਰ ਨੇ ਸਿਰਫ ਸੰਵਿਧਾਨ ਦੀ ਰਚਨਾ ਹੀ ਨਹੀਂ ਕੀਤੀ, ਸਗੋਂ ਪੀੜਤ ਵਰਗਾਂ ਨੂੰ ਇੱਜ਼ਤ ਨਾਲ ਜੀਣ ਦਾ ਹੱਕ ਵੀ ਦਿਵਾਇਆ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਬਾਬਾ ਸਾਹਿਬ ਦੇ ਸਿਧਾਂਤ ਹੋਰ ਵੀ ਜ਼ਿਆਦਾ ਪ੍ਰਸੰਗਿਕ ਹੋ ਚੁੱਕੇ ਹਨ ਅਤੇ ਹਰ ਇਕ ਨੂੰ ਉਨ੍ਹਾਂ ਦੇ ਦਰਸਾਏ ਰਾਹ 'ਤੇ ਚੱਲਣਾ ਚਾਹੀਦਾ ਹੈ। ਹਰਦੀਪ ਗਿੱਲ ਨੇ ਅੱਗੇ ਕਿਹਾ ਕਿ ਬਾਬਾ ਸਾਹਿਬ ਦੇ ਸੰਘਰਸ਼ਮਈ ਜੀਵਨ ਅਤੇ ਸੰਵਿਧਾਨ ਦੇ ਨਿਰਮਾਣ ਵਿਚ ਉਨ੍ਹਾਂ ਦਾ ਵਡਮੁੱਲਾ ਯੋਗਦਾਨ ਦੇਸ਼ ਵਾਸੀਆਂ ਲਈ ਹਮੇਸ਼ਾ ਰਾਹ ਦਸੇਰਾ ਰਹੇਗਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਵਲੋਂ ਦੇਸ਼ ਵਾਸੀਆਂ ਨੂੰ ਦਿੱਤੇ ਸੰਵਿਧਾਨ ਦੀ ਮਿਸਾਲ ਦੁਨੀਆਂ ਭਰ ਵਿਚ ਨਹੀਂ ਮਿਲਦੀ ਜੋ ਕਿ ਸਮਾਨਤਾ, ਨਿਆ, ਮਨੁੱਖੀ ਅਧਿਕਾਰਾਂ, ਔਰਤਾਂ ਦੇ ਹੱਕਾਂ ਅਤੇ ਦੇਸ਼ ਨੂੰ ਇਕ ਮਾਲਾ ਵਿਚ ਪਰੋਣ ਦੀ ਗਵਾਹੀ ਭਰਦਾ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਨਿਰਮਾਤਾ ਦਾ ਸਾਰਾ ਜੀਵਨ ਸੰਘਰਸ਼ ਭਰਪੂਰ ਰਿਹਾ ਜਿਸ ਦੌਰਾਨ ਉਨ੍ਹਾਂ ਨੇ ਹਰ ਵਰਗ ਨੂੰ ਬਰਾਬਰੀ ਦੀ ਪੁਰਜ਼ੋਰ ਵਕਾਲਤ ਕੀਤੀ ਅਤੇ ਉਨ੍ਹਾਂ ਦੇ ਆਦਰਸ਼ਾਂ ਤੋਂ ਸਾਰਿਆਂ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ ਤਾਂ ਜੋ ਸਿਹਤਮੰਦ ਸਮਾਜ ਦੇ ਸੰਕਲਪ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਹਰਦੀਪ ਗਿੱਲ ਨੇ ਅੱਗੇ ਕਿਹਾ ਕਿ ਬੱਚਿਆਂ ਨੂੰ ਡਾ. ਅੰਬੇਡਕਰ ਅਤੇ ਦੇਸ਼ ਦੀਆਂ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਦੀਆਂ ਜੀਵਨੀਆਂ ਪੜ੍ਹਨ ਲਈ ਪ੍ਰੇਰਿਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਨੌਜਵਾਨਾਂ ਨੂੰ ਉਨ੍ਹਾਂ ਵਲੋਂ ਕੀਤੇ ਸੰਘਰਸ਼ਾਂ ਬਾਰੇ ਜਾਨਣ ਦਾ ਮੌਕਾ ਮਿਲੇ ਅਤੇ ਉਹ ਸਮਾਜ ਤੇ ਦੇਸ਼ ਦੀ ਤਰੱਕੀ ਵਿਚ ਆਪਣਾ ਬਣਦਾ ਯੋਗਦਾਨ ਪਾ ਸਕਣ।ਹਰਦੀਪ ਗਿੱਲ ਨੇ ਅੱਗੇ ਕਿਹਾ ਕਿ ਡਾ. ਅੰਬੇਡਕਰ ਨੇ ਸਮਾਜ ਵਿੱਚ ਫੈਲੀ ਅਸਮਾਨਤਾਵਾਂ ਨੂੰ ਖਤਮ ਕਰਨ ਲਈ ਜੀਵਨ ਭਰ ਸੰਘਰਸ਼ ਕੀਤਾ। ਉਨ੍ਹਾਂ ਦੇ ਸੰਘਰਸ਼ ਅਤੇ ਸਿੱਖਿਆ ਪ੍ਰਤੀ ਜਜ਼ਬੇ ਤੋਂ ਪ੍ਰੇਰਣਾ ਲੈਂਦਿਆਂ ਅੱਜ ਦੀ ਪੀੜ੍ਹੀ ਨੂੰ ਵੀ ਸਿੱਖਿਆ ਅਤੇ ਸੰਗਠਨ ਦੀ ਤਾਕਤ ਨੂੰ ਸਮਝਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਮੱਧ ਪ੍ਰਦੇਸ਼ ਵਿੱਚ ਸਫਾਈ ਕਰਮਚਾਰੀਆਂ ਦੀ ਭਲਾਈ ਲਈ ਕਮਿਸ਼ਨ ਵੱਲੋਂ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ।ਇਸ ਮੌਕੇ ਜਲਪੇਸ਼ ਵਾਘੇਲਾ ਨੇ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਦੇ ਵਿਚਾਰ ਸਿਰਫ ਇੱਕ ਵਰਗ ਲਈ ਨਹੀਂ, ਸਗੋਂ ਪੂਰੇ ਮਨੁੱਖਤਾ ਲਈ ਹਨ। ਉਨ੍ਹਾਂ ਨੇ ਕਿਹਾ ਕਿ ਸਮਾਜ ਵਿੱਚ ਭੇਦਭਾਵ ਨੂੰ ਖਤਮ ਕਰਨ ਅਤੇ ਇੱਕ ਸਮਾਨ ਸਮਾਜ ਦੀ ਸਥਾਪਨਾ ਲਈ ਸਾਨੂੰ ਸਾਰੇ ਮਿਲ ਕੇ ਯਤਨ ਕਰਨੇ ਪੈਣਗੇ।ਇਸ ਮੌਕੇ ਹੋਰ ਵੀ ਕਈ ਸਮਾਜਿਕ ਅਤੇ ਰਾਜਨੀਤਿਕ ਸ਼ਖਸੀਅਤਾਂ ਨੇ ਹਾਜ਼ਰੀ ਭਰੀ ਅਤੇ ਬਾਬਾ ਸਾਹਿਬ ਨੂੰ ਯਾਦ ਕੀਤਾ। ਸਮਾਗਮ ਦੌਰਾਨ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਸਮਾਜਿਕ ਨਿਆਂ ਦੇ ਸੰਦੇਸ਼ ਨੂੰ ਅੱਗੇ ਵਧਾਉਣ ਦਾ ਸੰਕਲਪ ਲਿਆ ਗਿਆ।ਅੰਤ ਵਿੱਚ ਸਾਰੇ ਹਾਜ਼ਰੀਨ ਨੇ ਡਾ. ਅੰਬੇਡਕਰ ਦੇ ਸਿਧਾਂਤਾਂ 'ਤੇ ਚੱਲਣ ਅਤੇ ਸਮਾਜ ਵਿੱਚ ਬਰਾਬਰੀ, ਭਾਈਚਾਰੇ ਅਤੇ ਨਿਆਂ ਦੀ ਸਥਾਪਨਾ ਲਈ ਮਿਲਜੁਲ ਕੇ ਕੰਮ ਕਰਨ ਦਾ ਵਚਨ ਦਿੱਤਾ।

### ਡਾਕਟਰ ਅੰਬੇਡਕਰ ਦੀ ਜਨਮ ਭੂਮੀ ਮ੍ਹਉ ਵਿਖੇ ਸ਼ਰਧਾਂਜਲੀ ਸਮਾਰੋਹ ਵਿੱਚ ਪੁੱਜੇ ਵਾਈਸ ਚੇਅਰਮੈਨ ਹਰਦੀਪ ਗਿੱਲ

# ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਚੱਲ ਰਹੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਨਾਲ ਜੁੜੇ ਤਿੰਨ ਵਿਅਕਤੀ ਕਾਬੂ; 6 ਪਿਸਤੌਲ ਬਰਾਮਦ

## ਗ੍ਰਿਫ਼ਤਾਰ ਕੀਤੇ ਗਏ ਦੋ ਮੁਲਜ਼ਮ ਬੰਦੂਕ ਦੀ ਨੋਕ 'ਤੇ ਲੁੱਟ-ਖੋਹ ਦੇ ਮਾਮਲੇ ਵਿੱਚ ਲੋੜੀਂਦੇ ਸਨ: ਸੀਪੀ ਅੰਮ੍ਰਿਤਸਰ ਗੁਰਪ੍ਰੀਤ ਭੁੱਲਰ




ਚੰਡੀਗੜ੍ਹ/ਜੰਡਿਆਲਾ ਗੁਰੂ 14 ਅਪ੍ਰੈਲ:( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦੇ ਤਿੰਨ ਮੁਲਜ਼ਮਾਂ ਨੂੰ ਛੇ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮੰਗਲ ਸਿੰਘ ਉਰਫ ਮੰਗਾ (30) ਵਾਸੀ ਪਿੰਡ ਕਾਜੀਕੋਟ ਤਰਨਤਾਰਨ; ਪ੍ਰਣਵ ਸ਼ਰਮਾ ਉਰਫ ਲੱਡੂ (24) ਵਾਸੀ ਆਰਚਿਡ ਵੈਲੀ, ਛੇਹਰਟਾ ਅੰਮ੍ਰਿਤਸਰ ਅਤੇ ਗੌਰਵ ਰਾਣਾ (25) ਵਾਸੀ ਗੁਰੂ ਨਾਨਕ ਐਵੀਨਿਊ, ਅੰਮ੍ਰਿਤਸਰ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਦੋ ਚੀਨ ਦੇ ਬਣੇ .30 ਬੋਰ ਪਿਸਤੌਲ, ਇੱਕ ਜ਼ਿਗਾਨਾ .30 ਬੋਰ ਅਤੇ ਤਿੰਨ .30 ਬੋਰ ਦੇ ਪਿਸਤੌਲ ਸ਼ਾਮਲ ਹਨ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਮੁਤਾਬਕ ਦੋਸ਼ੀ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਗੈਰ-ਕਾਨੂੰਨੀ ਹਥਿਆਰ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੇ ਜਾ ਰਹੇ ਸਨ ਅਤੇ ਇਹ ਦੋਸ਼ੀ ਖੇਪਾਂ ਪ੍ਰਾਪਤ ਕਰਕੇ ਅਪਰਾਧਿਕ ਤੱਤਾਂ ਨੂੰ ਸਪਲਾਈ ਕਰਦੇ ਸਨ।ਡੀਜੀਪੀ ਨੇ ਕਿਹਾ ਕਿ ਇਸ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਵਾਸਤੇ ਹੋਰ ਜਾਂਚ ਜਾਰੀ ਹੈ।ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸ਼ੱਕੀ ਮੰਗਲ ਸਿੰਘ ਉਰਫ ਮੰਗਾ ਨੂੰ ਇੱਕ .30 ਬੋਰ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ। ਉਸਦੇ ਖੁਲਾਸੇ 'ਤੇ, ਸਹਿ-ਮੁਲਜ਼ਮ ਪ੍ਰਣਵ ਸ਼ਰਮਾ ਉਰਫ ਲੱਡੂ ਅਤੇ ਗੌਰਵ ਰਾਣਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਪੰਜ ਹੋਰ ਪਿਸਤੌਲ ਬਰਾਮਦ ਕੀਤੇ ਗਏ।ਸੀਪੀ ਨੇ ਦੱਸਿਆ ਕਿ ਦੋਸ਼ੀ ਪ੍ਰਣਵ ਉਰਫ ਲੱਡੂ ਅਤੇ ਗੌਰਵ ਰਾਣਾ ਅਪਰਾਧਿਕ ਪਿਛੋਕੜ ਵਾਲੇ ਮੁਲਜ਼ਮ ਹਨ ਅਤੇ ਉਨ੍ਹਾਂ ਵਿਰੁੱਧ ਅਸਲਾ ਐਕਟ ਤਹਿਤ ਕੇਸ ਦਰਜ ਹਨ। ਉਨ੍ਹਾਂ ਅੱਗੇ ਦੱਸਿਆ ਕਿ ਦੋਵੇਂ ਦੋਸ਼ੀ ਬੰਦੂਕ ਦੀ ਨੋਕ 'ਤੇ ਲੁੱਟ-ਖੋਹ ਕਰਨ ਸਬੰਧੀ ਥਾਣਾ ਰਣਜੀਤ ਐਵੇਨਿਊ ਵਿਖੇ ਦਰਜ ਮਾਮਲੇ ਵਿੱਚ ਵੀ ਲੋੜੀਂਦੇ ਹਨ।ਇਸ ਸਬੰਧੀ ਐਫਆਈਆਰ ਨੰਬਰ 54 ਮਿਤੀ 04-04-2026 ਨੂੰ ਅੰਮ੍ਰਿਤਸਰ ਦੇ ਥਾਣਾ ਛਾਉਣੀ ਵਿਖੇ ਅਸਲਾ ਐਕਟ ਦੀ ਧਾਰਾ 25 (6,7,8) ਤਹਿਤ ਦਰਜ ਕੀਤੀ ਗਈ ਹੈ।

# ਅਕਾਲੀ ਫੂਲਾ ਸਿੰਘ ਨਸ਼ਾ ਛਡਾਓ ਦਸਤਾਰ ਸਜਾਓ ਫਾਊਂਡੇਸ਼ਨ ਵੱਲੋਂ ਪੇਧਨੀ ਵਿਖੇ ਦਸਤਾਰ ਮੁਕਾਬਲੇ ਕਰਵਾਏ

**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਹਲਕੇ ਵਿੱਚ ਪੈਂਦੇ ਪਿੰਡ ਪੇਧਨੀ ਵਿਖੇ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਗੁਰਦੁਆਰਾ ਦੇਹਰਾ ਸਾਹਿਬ ਵਿੱਚ ਅਕਾਲੀ ਫੂਲਾ ਸਿੰਘ ਨਸ਼ਾ ਛਡਾਓ ਦਸਤਾਰ ਸਜਾਓ ਫਾਊਂਡੇਸ਼ਨ ਵੱਲੋਂ ਦਸਤਾਰਬੰਦੀ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪ੍ਰੋ ਓਂਕਾਰ ਸਿੰਘ ਸਿੱਧੂ, ਸ੍ਰੀ ਅਸ਼ੋਕ ਸਿੰਗਲਾ ਲੱਖਾਂ ਚੇਅਰਮੈਨ ਗਊ ਸੇਵਾ ਕਮਿਸ਼ਨ ਪੰਜਾਬ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਆਗੂਆਂ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿਨੌਜਵਾਨਾਂ ਨੂੰ ਨਸ਼ਿਆਂ ਵਰਗੀ ਭਿਆਨਕ ਬਿਮਾਰੀ ਤੋਂ ਦੂਰ ਰਹਿਣ ਲਈ ਸੰਸਥਾ ਦੇ ਉਪਰਾਲੇ ਸਲਾਂਘਾਯੋਗ ਹਨ, ਪਿੰਡ ਪਿੰਡ ਇਸ ਤਰ੍ਹਾਂ ਦੇ ਕਾਰਜ ਹੋਣੇ ਚਾਹੀਦੇ ਹਨ ਤਾਂ ਜੋ ਬੱਚਿਆਂ ਨੂੰ ਚੰਗੀ ਸੇਧ ਮਿਲ ਸਕੇ । ਇਸ ਮੌਕੇ ਸਰਪੰਚ ਮੱਖਣ ਸਿੰਘ ਧਾਲੀਵਾਲ, ਸੁਰਜੀਤ ਸਿੰਘ ਪੰਚ, ਕੁਲਦੀਪ ਸਿੰਘ ਕਲੇਰ ਪੰਚ, ਗਗਨਦੀਪ ਸਿੰਘ ਪੰਚ, ਕੁਲਵਿੰਦਰ ਸਿੰਘ ਪੰਚ, ਮੱਖਣ ਸਿੰਘ ਪੰਚ, ਰਾਜਵਿੰਦਰ ਸਿੰਘ ਪੰਚ, ਗੁਰਦੀਪ ਸਿੰਘ ਪੰਚ, ਸਤਿਨਾਮ ਸਿੰਘ ਸਮਾਜ ਸੇਵੀ, ਚਮਕੌਰ ਸਿੰਘ ਕਲੇਰ, ਦਰਸ਼ਨ ਸਿੰਘ ਕਲੇਰ, ਸਰਪੰਚ ਸਤਿਗੁਰ ਸਿੰਘ, ਸੁਖਪਾਲ ਸਿੰਘ ਭੰਮਾਬੰਦੀ, ਗੁਰਸੇਵਕ ਸਿੰਘ, ਗੁਰਸਾਗਰ ਸਿੰਘ ਹਾਜ਼ਰ ਸਨ।

# ਡਾ. ਭੀਮ ਰਾਓ ਅੰਬੇਦਕਰ ਸਾਹਿਬ ਦਾ ਸਾਰਾ ਜੀਵਨ ਦਲਿਤਾਂ ਅਤੇ ਪਿਛੜੇ ਵਰਗਾਂ ਲਈ ਸਮਰਪਿਤ: ਕਾਮਰੇਡ ਢੇਰ

**ਸ੍ਰੀ ਅਨੰਦਪੁਰ ਸਾਹਿਬ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਨੇੜਲੇ ਪਿੰਡ ਢੇਰ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦਾ ਜਨਮ ਦਿਨ ਸ਼ਰਧਾਪੂਰਵਕ ਮਨਾਇਆ ਗਿਆ ਇਸ ਮੋਕੇ ਇਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਸਕੱਤਰੇਤ ਮੈਂਬਰ ਤੇ ਜਿਲਾ ਸਕੱਤਰ ਕਾਮਰੇਡ ਰਜਿੰਦਰ ਸਿੰਘ ਢੇਰ ਸਾਬਕਾ ਸਰਪੰਚ, ਕਾਮਰੇਡ ਜਸਵਿੰਦਰ ਸਿੰਘ ਢੇਰ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਰੋਪੜ, ਕਾਮਰੇਡ ਚਰਨ ਸਿੰਘ ਅਟਵਾਲ ਜ.ਸਕੱਤਰ ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਡਾ.ਅੰਬੇਦਕਰ ਜੀ ਦਾ ਜਨਮ 14 ਅਪ੍ਰੈਲ 1891 ਨੂੰ ਮੱਧ ਪ੍ਰਦੇਸ਼ ਦੇ ਮਹੂ ਪਿੰਡ ਵਿਚ ਇਕ ਦਲਿਤ ਪਰਿਵਾਰ ਵਿਚ ਹੋਇਆ। ਉਸ ਸਮੇਂ ਦਲਿਤ ਸਮਾਜ ਦੇ ਲੋਕਾਂ ਨਾਲ ਭੇਦਭਾਵ ਕੀਤਾ ਜਾਂਦਾ ਸੀ। ਸਕੂਲ ਵਿਚ ਉਹਨਾਂ ਨੂੰ ਹੋਰ ਬੱਚਿਆਂ ਨਾਲ ਬੈਠਣ ਦੀ ਆਗਿਆ ਨਹੀਂ ਸੀ ਤੇ ਪਾਣੀ ਵੀ ਵੱਖਰਾ ਹੀ ਪੀਣਾ ਪੈਂਦਾ ਸੀ ।ਪਰ ਇਹਨਾਂ ਮੁਸ਼ਕਲਾਂ ਨੇ ਕਦੇ ਵੀ ਉਹਨਾਂ ਦੇ ਮਨੋਬਲ ਨੂੰ ਕਮਜ਼ੋਰ ਨਹੀਂ ਹੋਣ ਦਿੱਤਾ। ਉਹ ਬਹੁਤ ਤੇਜ ਦਿਮਾਗ ਦੇ ਮਾਲਕ ਸਨ। ਇਸ ਲਈ ਉਹਨਾਂ ਨੇ ਉਚ ਪੜਾਈ ਅਮਰੀਕਾ ਅਤੇ ਇੰਗਲੈਂਡ ਵਿਚ ਮੁਕੰਮਲ ਕੀਤੀ। ਇਸ ਉਪਰੰਤ ਉਹ ਸਮਾਜ ਵਿਚ ਬਦਲਾਅ ਲਿਆਉਣ ਲਈ ਤਿਆਰ ਹੋਏ। ਉਹ ਨਾਂ ਨੇ ਆਪਣਾ ਸਾਰਾ ਜੀਵਨ ਪੱਛੜੇ ਤੇ ਦਲਿਤ ਲੋਕਾਂ ਲਈ ਸਮਰਪਿਤ ਕਰ ਦਿੱਤਾ। ਉਹਨਾਂ ਦਾ ਇਹ ਮੰਨਣਾ ਸੀ ਜਦ ਤੱਕ ਸਮਾਜ ਵਿਚ ਸਮਾਨਤਾ ਨਹੀਂ ਆਉਂਦੀ ਦੇਸ਼ ਤਰੱਕੀ ਨਹੀਂ ਕਰ ਸਕਦਾ। । ਪਰੰਤੂ ਹੁਣ ਦੀਆਂ ਸਰਕਾਰਾਂ ਉਹਨਾਂ ਦੇ ਬਣਾਏ ਸੰਵਿਧਾਨ ਨੂੰ ਤੋੜ ਕਿ ਬਦਲਾਅ ਕਰ ਰਹੀਆਂ ਹਨ ਜੋ ਦਲਿਤ ਸਮਾਜ ਅਤੇ ਮਜ਼ਦੂਰਾਂ ਲਈ ਨੁਕਸਾਨਦੇਹ ਹਨ ਇਸ ਲਈ ਸਾਨੂੰ ਆਪਣੇ ਮਜਬੂਤ ਸੰਗਠਨ ਬਣਾ ਕਿ ਇਹਨਾਂ ਦਾ ਵਿਰੋਧ ਕਰਨਾ ਹੋਵੇਗਾ ਤੇ ਤਿੱਖੇ ਸੰਘਰਸ਼ ਜਥੇਬੰਦ ਕਰਨੇ ਹੋਣਗੇ।ਇਸ ਮੋਕੇ ਕੁਲਵਿੰਦਰ ਸਿੰਘ ਭੰਗਲ, ਅਨਿਲ ਕੁਮਾਰ, ਸੰਤੋਖ ਕੁਮਾਰ, ਤਾਰਾ ਸਿੰਘ, ਗੁਰਦੇਵ ਕੌਰ, ਮਨਪ੍ਰੀਤ ਕੌਰ ਤੇ ਜਸਵਿੰਦਰ ਕੌਰ ਹਾਜ਼ਰ ਸਨ।

ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ

# ਕਾਨਫ਼ਰੰਸ ਵਿੱਚ ਹੋਏ ਇਕੱਠ ਨੇ ਤੋੜੇ ਸਾਰੇ ਰਿਕਾਰਡ



**ਬਠਿੰਡਾ/ਤਲਵੰਡੀ ਸਾਬੋ, 14 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਮੌਕੇ 'ਤੇ ਗੁਰੂ ਕੀ ਕਾਸ਼ੀ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਧਰਤੀ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿਸ਼ਾਲ ਪੰਥਕ ਕਾਨਫ਼ਰੰਸ ਕੀਤੀ ਗਈ। ਜਿਸ ਵਿੱਚ ਪੂਰੇ ਪੰਜਾਬ ਅਤੇ ਦੇਸ਼ਾਂ-ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰਕੇ ਪੰਥਕ ਏਕਤਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਹਾਜ਼ਰ ਰਹੀ, ਜਿਨ੍ਹਾਂ ਵਿੱਚ ਮੁੱਖ ਤੌਰ ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ, ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਬੀਬੀ ਸੰਦੀਪ ਕੌਰ, ਭਾਈ ਮਨਦੀਪ ਸਿੰਘ ਸਿੱਧੂ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਸੁਰਜੀਤ ਸਿੰਘ ਦੌਲਤਪੁਰ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਸ੍ਰ ਬਾਬੂ ਸਿੰਘ ਬਰਾੜ, ਸ੍ਰ ਕਾਬਲ ਸਿੰਘ, ਸ੍ਰ ਮਨਪ੍ਰੀਤ ਸਿੰਘ ਇਆਲੀ, ਐਡਵੋਕੇਟ ਹਰਪਾਲ ਸਿੰਘ ਖਾਰਾ, ਐਡਵੋਕੇਟ ਇਮਾਨ ਖਾਰਾ, ਬੀਬੀ ਸਤਨਾਮ ਕੌਰ, ਬੀਬੀ ਰਾਜਵਿੰਦਰ ਕੌਰ ਘੜਾਮ, ਚਾਚਾ ਪ੍ਰਗਟ ਸਿੰਘ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਲੱਖਾ ਸਿੰਘ ਸਿਧਾਣਾਂ, ਪ੍ਰਗਟ ਸਿੰਘ ਮੀਆਂਵਿੰਡ, ਭਾਈ ਸਰਬਜੀਤ ਸਿੰਘ ਖਾਨਪੁਰ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਭੁਪਿੰਦਰ ਸਿੰਘ ਗੱਦਲੀ, ਸ੍ਰ ਪ੍ਰਿਥੀਪਾਲ ਸਿੰਘ, ਬਾਬਾ ਰਾਜਾ ਰਾਜ ਸਿੰਘ, ਭਾਈ ਚਮਕੌਰ ਸਿੰਘ ਬਰਾੜ, ਭਾਈ ਦਲਜੀਤ ਸਿੰਘ ਜਵੰਦਾ, ਬਾਬਾ ਬਿਬੇਕ ਸਿੰਘ, ਭਾਈ ਤੇਜਿੰਦਰ ਸਿੰਘ ਢਿਲੋਂ, ਭਾਈ ਜਸਵਿੰਦਰ ਸਿੰਘ ਬਾਦਲ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਕੁਲਦਮਨਰੂਪ ਸਿੰਘ, ਭਾਈ ਦਲੇਰ ਸਿੰਘ ਡੋਡ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਜਸਕਰਨ ਸਿੰਘ ਰਿਆੜ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਰਛਪਾਲ ਸਿੰਘ ਸੋਸਣ, ਭਾਈ ਚਮਕੌਰ ਸਿੰਘ ਧੁੰਨ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਗੁਰਦੀਪ ਸਿੰਘ ਭੰਡਾਲ, ਭਾਈ ਜਗਦੀਪ ਸਿੰਘ, ਭਾਈ ਕ੍ਰਿਸ਼ਨ ਸਿੰਘ ਰੁਪਾਣਾ, ਭਾਈ ਪ੍ਰਭਜੋਤ ਸਿੰਘ ਰਾਹੋਂ, ਭਾਈ ਮਹਿੰਦਰ ਸਿੰਘ ਬਾਜਵਾ, ਭਾਈ ਜਸਵਿੰਦਰ ਸਿੰਘ ਮਾਨਸਾ, ਭਾਈ ਨਿਰਵੈਰ ਸਿੰਘ ਖਾਲਸਾ, ਭਾਈ ਮਹਿੰਦਰ ਸਿੰਘ ਬਾਜਵਾ, ਐਡਵੋਕਟ ਮਹਿੰਦਰ ਸਿੰਘ ਬਾਜਵਾ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਸਰਬਜੀਤ ਸਿੰਘ ਬੈਕਾ, ਭਾਈ ਸੰਦੀਪ ਸਿੰਘ ਰੁਪਾਲੋਂ, ਬਾਬਾ ਜਰਮਨਜੀਤ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਹਰਜਿੰਦਰ ਸਿੰਘ ਹਸ਼ਮਤਵਾਲਾ, ਬਾਬਾ ਖੇੜੀ ਵਾਲਾ, ਭਾਈ ਅਮਨਦੀਪ ਨਾਰਲੀ, ਭਾਈ ਕਰਨਵੀਰ ਸਿੰਘ, ਭਾਈ ਜਗਤਾਰ ਸਿੰਘ ਮਾਹਲ, ਭਾਈ ਗੁਰਪ੍ਰੀਤ ਸਿੰਘ ਪ੍ਰਿੰਸ, ਭਾਈ ਗੁਰਪ੍ਰੀਤ ਸਿੰਘ ਬਟਾਲਾ, ਭਾਈ ਭੁਪਿੰਦਰ ਸਿੰਘ ਗਿੰਨੀ, ਭਾਈ ਸਵਰਨ ਸਿੰਘ ਗੋਲਡਨ, ਸਰਪੰਚ ਬਲਜੀਤ ਸਿੰਘ ਚਾਟੀਵਿੰਡ ਅਤੇ ਵੱਡੀ ਗਿਣਤੀ ਵਿੱਚ ਸੀਨੀਅਰ ਆਗੂ ਤੇ ਵਰਕਰ ਸ਼ਾਮਲ ਸਨ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਸੀਨੀਅਰ ਆਗੂਆਂ ਵੱਲੋਂ ਸਾਂਝੇ ਤੌਰ 'ਤੇ ਕਿਹਾ ਗਿਆ ਕਿ ਪੰਜਾਬ ਅੱਜ ਇਤਿਹਾਸ ਦੇ ਨਾਜ਼ੁਕ ਮੋੜ 'ਤੇ ਖੜ੍ਹਾ ਹੈ, ਜਿੱਥੇ ਇਕ ਪਾਸੇ ਨੌਜਵਾਨੀ ਨਸ਼ਿਆਂ ਅਤੇ ਬੇਰੁਜ਼ਗਾਰੀ ਦੇ ਜਾਲ ਵਿੱਚ ਫਸ ਰਹੀ ਹੈ, ਕਿਸਾਨ ਕਰਜ਼ਿਆਂ ਹੇਠ ਕੁਚਲੇ ਜਾ ਰਹੇ ਹਨ ਅਤੇ ਦੂਜੇ ਪਾਸੇ ਰਿਵਾਇਤੀ ਸਿਆਸੀ ਪਾਰਟੀਆਂ ਸਿਰਫ਼ ਆਪਣੇ ਸਵਾਰਥਾਂ ਲਈ ਪੰਜਾਬ ਦੇ ਹੱਕਾਂ ਨੂੰ ਵੇਚ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਹਾਲਾਤ ਕਿਸੇ ਇੱਕ ਦਿਨ ਦੀ ਪੈਦਾਵਾਰ ਨਹੀਂ, ਸਗੋਂ ਸਾਲਾਂ ਦੀ ਲੁੱਟ ਅਤੇ ਧੋਖੇਬਾਜ਼ ਨੀਤੀਆਂ ਦਾ ਨਤੀਜਾ ਹਨ, ਜਿਨ੍ਹਾਂ ਨੇ ਪੰਜਾਬ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ। ਸੀਨੀਅਰ ਆਗੂਆਂ ਨੇ ਇਹ ਵੀ ਸਪਸ਼ਟ ਕੀਤਾ ਕਿ ਅੱਜ ਲੋੜ ਹੈ ਇੱਕ ਅਜਿਹੀ ਤਾਕਤ ਦੀ ਜੋ ਡੱਟ ਕੇ ਪੰਜਾਬ ਦੇ ਹੱਕਾਂ ਲਈ ਖੜ੍ਹੇ ਹੋਵੇ, ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਇਸੇ ਸੋਚ ਉਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਲੜਾਈ ਕਿਸੇ ਇੱਕ ਵਰਗ ਜਾਂ ਧਰਮ ਦੀ ਨਹੀਂ, ਸਗੋਂ ਹਰ ਉਸ ਪੰਜਾਬੀ ਦੀ ਹੈ ਜੋ ਆਪਣੇ ਮਾਣ-ਸਨਮਾਨ, ਆਪਣੇ ਹੱਕਾਂ ਅਤੇ ਆਪਣੇ ਭਵਿੱਖ ਲਈ ਖੜ੍ਹਾ ਹੋਣਾ ਚਾਹੁੰਦਾ ਹੈ।



## ਸਮੂਹ ਪੰਜਾਬੀਆਂ ਨੂੰ ਸੱਦਾ, ਹੁਣ ਸਮਾਂ ਚੁੱਪ ਰਹਿਣ ਦਾ ਨਹੀਂ ਸਗੋਂ ਪੰਥ ਅਤੇ ਪੰਜਾਬ ਦੀ ਰਾਖੀ ਲਈ ਇਕੱਠੇ ਹੋਣ ਦਾ : ਬਾਪੂ ਤਰਸੇਮ ਸਿੰਘ

ਇਸ ਉਪਰੰਤ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਵਿਸ਼ਵ ਭਰ ਵਿੱਚ ਵੱਸਦੇ ਪੰਜਾਬੀਆਂ, ਖਾਸ ਕਰਕੇ ਐਨ ਆਰ ਆਈ ਭੈਣਾਂ ਅਤੇ ਭਰਾਵਾਂ ਨੂੰ ਸਿੱਧਾ ਤੇ ਸਪੱਸ਼ਟ ਸੱਦਾ ਦਿੰਦਿਆਂ ਕਿਹਾ ਕਿ ਹੁਣ ਸਮਾਂ ਚੁੱਪ ਰਹਿਣ ਦਾ ਨਹੀਂ, ਸਗੋਂ ਪੰਥ ਅਤੇ ਪੰਜਾਬ ਦੀ ਰਾਖੀ ਲਈ ਇਕੱਠੇ ਹੋਣ ਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਗੰਭੀਰ ਸੰਕਟਾਂ ਵਿੱਚ ਘਿਰਿਆ ਹੋਇਆ ਹੈ, ਨੌਜਵਾਨੀ ਨਸ਼ਿਆਂ ਦੀ ਲਪੇਟ ਵਿੱਚ ਹੈ, ਕਿਸਾਨ ਕਰਜ਼ਿਆਂ ਹੇਠ ਕੁਚਲੇ ਜਾ ਰਹੇ ਹਨ ਅਤੇ ਪੰਜਾਬ ਦੀ ਪਛਾਣ ਤੇ ਅਧਿਕਾਰਾਂ 'ਤੇ ਲਗਾਤਾਰ ਹਮਲੇ ਹੋ ਰਹੇ ਹਨ। ਉਨ੍ਹਾਂ ਨੇ ਬੰਦੀ ਸਿੰਘਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਕੈਦ ਨੂੰ ਸਭ ਤੋਂ ਵੱਡੀ ਨਾਇਨਸਾਫ਼ੀ ਕਰਾਰ ਦਿੰਦਿਆਂ ਕਿਹਾ ਕਿ ਇਹ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ ਨਾਲ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ 'ਤੇ ਹੋ ਰਹੀਆਂ ਸਿਆਸੀ ਚਾਲਾਂ ਦੀ ਸਖ਼ਤ ਨਿਖੇਧੀ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪੰਥਕ ਸਨਮਾਨ 'ਤੇ ਸਿੱਧਾ ਹਮਲਾ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪੰਜਾਬ ਦੀ ਮਿੱਟੀ ਅੱਜ ਹਰ ਇਕ ਪੰਜਾਬੀ ਨੂੰ ਪੁਕਾਰ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਿਰਫ਼ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਰਕਾਰ ਬਣਾਕੇ ਹੀ ਸੰਭਵ ਹੈ। ਇਸ ਮੌਕੇ ਭਾਈ ਮਨਦੀਪ ਸਿੰਘ ਸਿੱਧੂ ਨੇ ਬੋਲਦਿਆਂ ਹਰ ਇਕ ਧਰਮ ਅਤੇ ਹਰ ਵਰਗ ਦੇ ਲੋਕਾਂ ਨੂੰ ਸਿੱਧੀ ਅਪੀਲ ਕਰਦਿਆਂ ਕਿਹਾ ਕਿ ਰਿਵਾਇਤੀ ਸਿਆਸੀ ਪਾਰਟੀਆਂ ਅਤੇ ਪੰਜਾਬ ਨੂੰ ਲੁੱਟਣ ਵਾਲੇ ਸਵਾਰਥੀ ਤੱਤਾਂ ਦਾ ਸਾਥ ਛੱਡੋ ਅਤੇ ਆਪਣੀ ਖੇਤਰੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸਾਥ ਦਿਓ। ਭਾਈ ਪਰਮਜੀਤ ਸਿੰਘ ਜੌਹਲ ਨੇ ਕਿਹਾ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਵਿਰੋਧੀ ਤਾਕਤਾਂ ਨਾਲ ਡੱਟ ਕੇ ਲੜਨ ਵਾਲੀ ਤਾਕਤ ਵਜੋਂ ਉਭਰ ਰਿਹਾ ਹੈ, ਜੋ ਨਾ ਸਿਰਫ਼ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਕਰ ਰਿਹਾ ਹੈ, ਸਗੋਂ ਪੰਜਾਬ ਦੀ ਅਸਲ ਖੁਦਮੁਖਤਿਆਰਤਾ ਅਤੇ ਕੌਮੀਂ ਮਾਣ ਲਈ ਵੀ ਲੜ ਰਿਹਾ ਹੈ। ਇਸ ਮੌਕੇ ਤੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਨੇ ਸਟੇਜ ਤੋਂ ਸਮੂਹ ਪੰਜਾਬੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ 2027 ਦੀਆਂ ਚੋਣਾਂ ਸਿਰਫ਼ ਇੱਕ ਰਾਜਨੀਤਿਕ ਪ੍ਰਕਿਰਿਆ ਨਹੀਂ, ਸਗੋਂ ਪੰਜਾਬ ਦੀ ਕਿਸਮਤ ਦਾ ਫੈਸਲਾ ਕਰਨ ਵਾਲਾ ਇਤਿਹਾਸਕ ਮੌਕਾ ਹਨ। ਇਸ ਲਈ ਹਰ ਇਕ ਪੰਜਾਬੀ ਆਪਣੀ ਜ਼ਿੰਮੇਵਾਰੀ ਨੂੰ ਸਮਝੇ ਅਤੇ ਇਕੱਠੇ ਹੋਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸਾਥ ਦੇ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਇੱਕ ਅਜਿਹੀ ਸਰਕਾਰ ਕਾਇਮ ਕਰੀਏ ਜੋ ਸੱਚ, ਨਿਆਂ ਅਤੇ ਪੰਜਾਬ ਦੇ ਹੱਕਾਂ ਦੀ ਅਸਲ ਨੁਮਾਇੰਦਗੀ ਕਰੇ।

# ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਮਨਾਇਆ ਗਿਆ

## 1699 ਈ: ਦੀ ਵਿਸਾਖੀ ਨੂੰ ਖਾਲਸੇ ਦੀ ਸਾਜਨਾ ਕਰਕੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ਼ੇਰਾਂ ਦੀ ਕੌਮ ਤਿਆਰ ਕੀਤੀ ਬਾਬਾ ਸੁੱਖਾ ਸਿੰਘ





**ਜੰਡਿਆਲਾ ਗੁਰੂ, 14 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਖਾਲਸੇ ਦੇ ਸਾਜਨਾ ਦਿਵਸ ਅਤੇ ਵਿਸਾਖੀ ਦਾ ਪਵਿੱਤਰ ਦਿਹਾੜਾ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਦੇਸ ਵਿਦੇਸ ਦੀਆਂ ਸੰਗਤਾਂ, ਜੋਤੀਸਰ ਦੀਆਂ ਸੰਗਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ ! ਖਾਲਸੇ ਸਾਜਨਾ ਦਿਵਸ ਨੂੰ ਸਮਰਪਿਤ ਤਿੰਨ ਰੋਜ ਤੋਂ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ ਸਨ ਜਿਨਾਂ ਦੇ ਅੱਜ ਭੋਗ ਪਾਏ ਗਏ ਅਤੇ ਉਪਰੰਤ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਹਰਜੱਸ ਕੀਰਤਨ ਸਰਵਨ ਕੀਤੇ ਗਏ ਅਤੇ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ ! ਇਸ ਮੌਕੇ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆਂ ਆਖਿਆ ! ਇਸ ਵਿਸਾਖੀ ਪੁਰਬ ਬਾਰੇ ਵੀਚਾਰ ਸਾਂਝੇ ਕਰਦਿਆਂ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ 1699 ਈ: ਦੀ ਵਿਸਾਖੀ ਵਾਲੇ ਦਿਨ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਪੰਜਾਂ ਪਿਆਰਿਆ ਦੀ ਸਥਾਪਨਾ ਕੀਤੀ ਗਈ ਅਤੇ ਪੰਜ ਪਿਆਰੇ ਸਾਹਿਬਾਨਾਂ ਨੂੰ ਆਕਾਲ ਪੁਰਖ ਦੀ ਫੌਜ ਆਖ ਕਿ ਸੰਬੋਧਨ ਕੀਤਾ ਅਤੇ ਆਪ ਪੰਜ ਪਿਆਰੇ ਸਾਹਿਬਾਨਾਂ ਪਾਸੋਂ ਪਾਹੁਲ ਖੰਡਧਾਰ ਦੀ ਛਕ ਕਿ ਗੋਬਿੰਦ ਰਾਏ ਤੋਂ ਗੋਬਿੰਦ ਸਿੰਘ ਜੀ ਸੱਜੇ ! ਅਤੇ ਉਸ ਅੰਮ੍ਰਿਤ ਬਾਟਾ ਚ ਐਸੀ ਸਕਤੀ ਭਰੀ ਕਿ ਆਮ ਇਨਸਾਨ ਨੇ ਜਦੋਂ ਉਸ ਪਾਹੁਲ ਨੂੰ ਛਕਿਆ ਅਤੇ ਸੇਰਾਂ ਦੀ ਕੌਮ ਤਿਆਰ ਕੀਤੀ ਜਿਸ ਨੇ ਹਾਥੀਆਂ ਸੇਰਾਂ ਨਾਲ ਮੁਕਾਬਲੇ ਕਰਕੇ ਜੁਲਮ ਤੇ ਜਾਲਮ ਨਾਲ ਲੋਹਾ ਲਿਆ ਅਤੇ ਜਾਲਮ ਮੁਗਲ ਰਾਜ ਦਾ ਅੰਤ ਕੀਤਾ ! ਅਤੇ ਪੰਜ ਕਕਾਰਾਂ ਦੇ ਧਾਰਨੀ ਕਰਕੇ ਦੁਨੀਆਂ ਵਿੱਚ ਇਕ ਅਲੱਗ ਰੂਪ ਦੀ ਫੌਜ ਤਿਆਰ ਕੀਤੀ ਜੋ ਕਰੋੜਾਂ ਵਿੱਚ ਖੜ੍ਹੀ ਨਜਰ ਆ ਜਾਂਦੀ ਹੈ !

# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਸੋਚ 'ਤੇ ਚੱਲਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ: ਤਲਵਾੜ

## ਸ਼੍ਰੋਮਣੀ ਅਕਾਲੀ ਦਲ ਨੇ ਬਾਬਾ ਸਾਹਿਬ ਦੇ ਜਨਮ ਦਿਵਸ 'ਤੇ ਸੈਮੀਨਾਰ ਕਰਵਾਇਆ

ਹੁਸ਼ਿਆਰਪੁਰ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਅੱਜ: ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਅਕਾਲੀ ਦਲ ਦੇ ਐਸਸੀ ਵਿੰਗ ਵਲੋਂ "ਬਾਬਾ ਸਾਹਿਬ ਦੇ ਆਦਰਸ਼ ਅਤੇ ਅੱਜ ਦੀ ਸਿਆਸਤ" ਵਿਸ਼ੇ ਤੇ ਇੱਕ ਪ੍ਰਭਾਵਸ਼ਾਲੀ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਸੈਮੀਨਾਰ ਵਿੱਚ ਰਾਸ਼ਟਰਪਤੀ ਅਵਾਰਡ ਵਿਜੇਤਾ ਡਾਕਟਰ ਧਰਮਪਾਲ ਸਾਹਿਲ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ ਅਤੇ ਬਾਬਾ ਸਾਹਿਬ ਦੇ ਸਮਾਨਤਾ, ਨਿਆਂ ਅਤੇ ਸੰਵਿਧਾਨਕ ਮੁੱਲਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਾਧੂ ਆਸ਼ਰਮ ਦੀ ਸਾਬਕਾ ਕੇਅਰ ਪਰਸਨ ਰੀਤੂ ਜੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਸਮਾਜਿਕ ਬਦਲਾਅ ਵਿੱਚ ਬਾਬਾ ਸਾਹਿਬ ਦੇ ਯੋਗਦਾਨ ਨੂੰ ਯਾਦ ਕੀਤਾ। ਸੈਮੀਨਾਰ ਦੀ ਅਧਿਅਕਸ਼ਤਾ ਹੁਸ਼ਿਆਰਪੁਰ ਹਲਕਾ ਇੰਚਾਰਜ ਸੰਜੀਵ ਤਲਵਾੜ ਵਲੋਂ ਕੀਤੀ ਗਈ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੀ ਸਿਆਸਤ ਵਿੱਚ ਬਾਬਾ ਸਾਹਿਬ ਦੇ ਆਦਰਸ਼ਾਂ ਨੂੰ ਅਪਣਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਜ ਉਨ੍ਹਾਂ ਨੇ ਪਾਰਟੀ ਵਲੋਂ ਸਮਾਜਿਕ ਨਿਆਂ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਜਾਣਕਾਰੀ ਵੀ ਦਿੱਤੀ। ? ਇਸ ਮੌਕੇ ਐਸਸੀ ਵਿੰਗ ਦੇ ਜ਼ਿਲਾ ਪ੍ਰਧਾਨ ਅਤੇ ਸਾਬਕਾ ਮੇਅਰ ਪ੍ਰੇਮ ਸਿੰਘ ਜੀ ਵਲੋਂ ਸੈਮੀਨਾਰ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਅਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੰਤੋਖ ਸਿੰਘ ਔਜਲਾ, ਬਿਕਰਮਜੀਤ ਸਿੰਘ ਕਲਸੀ, ਨਰਿੰਦਰ ਸਿੰਘ, ਨੀਤੀ ਤਲਵਾਰ ਐਮਸੀ ਸਾਹਿਬਾਨ ਨੇ ਵੀ ਆਪਣੇ ਵਿਚਾਰ ਰੱਖੇ। ਸਮਾਗਮ ਵਿੱਚ ਸੰਜੀਵ ਥਾਪਰ, ਭੁਪਿੰਦਰ ਸਿੰਘ, ਮਨੀਸ਼ ਆਦੀਆ, ਸਾਹਿਲ ਆਦੀਆ, ਬਲਵੀਰ ਸਿੰਘ, ਪ੍ਰਵੀਨ ਸੈਣੀ, ਕ੍ਰਿਸ਼ਨਾ ਥਾਪਰ, ਵਰੁਣ ਸੈਣੀ, ਮੌਂਟੀ ਆਦੀਆ, ਕਮਲਜੀਤ ਸਿੰਘ, ਲਵਲੀ ਭਲਵਾਨ ਭਾਜੀ ਪੁੱਤਰਾ ਹਰਮੇਸ਼ ਸਾਹਿਲ ਸਹਿਤ ਮਹਿਲਾਵਾਂ ਅਤੇ ਪਾਰਟੀ ਵਰਕਰਾਂ ਨੇ ਭਾਗ ਲਿਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖ਼ਤ ਸ੍ਰੀ ਦਮਦਮਾ ਸਾਹਿਬ ਗੁਰੂ ਕਾਸ਼ੀ ਤਲਵੰਡੀ ਸਾਬੋ ਖੰਡਾ ਚੌਂਕ ਵਿਖੇ

# ਪ੍ਰਸਿੱਧ ਡਾ. ਗੁਰਮੇਲ ਸਿੰਘ ਵੱਲੋਂ ਖੁਦ ਤਿਆਰ ਕੀਤੀਆਂ ਅਯੁਰਵੈਦਿਕ ਦਵਾਈਆਂ 'ਗੁਰੂਵੇਦਾ' ਕੰਪਨੀ ਦੇ ਨਾਮ ਹੇਠ ਲਾਂਚ ਕੀਤੀਆਂ ਗਈਆਂ ਗੁਰੂਵੇਦਾ ਸ਼ੋਰੂਮ ਦਾ ਉਦਘਾਟਨ 13 ਅਪ੍ਰੈਲ 2026 ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਆਪਣੇ ਕਰ ਕਮਲਾਂ ਨਾਲ ਕੀਤਾ


















ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਨੂੰ ਸਮਰਪਿਤ

# ਵੈਸਾਖ ਮਹੀਨੇ ਦੀ ਪਵਿੱਤਰ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ

## ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਭਾਈ ਜਸਵੀਰ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਦੇ ਨਾਲ ਜੋੜਿਆ ਗਿਆ ਅਤੇ ਅੱਜ ਦੇ ਖਾਲਸਾ ਸਾਜਨਾ ਦਿਵਸ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਤੇ ਗੁਰ ਇਤਿਹਾਸ ਨਾਲ ਜੋੜਿਆ












ਪਿੰਡ ਰੋਡੇ (ਮੋਗਾ), 14 ਅਪ੍ਰੈਲ (ਆਵਾਜਿ ਕੌਮ ਬਿਊਰੋ ਰਿਪੋਰਟ/ਗੁਰਪ੍ਰੀਤ ਸਿੰਘ)- ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਹਰ ਮਹੀਨੇ ਦੀ ਤਰ੍ਹਾਂ ਵੈਸਾਖ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ। ਗੁਰਦੁਆਰਾ ਸੰਤ ਖਾਲਸਾ ਦੇ ਹਜ਼ੂਰੀ ਜੱਥੇ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਤੇ ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਵੱਲੋਂ ਆਏ ਹੋਏ ਸ੍ਰੀ ਹੁਕਮਨਾਮਾ ਸਾਹਿਬ ਦੀ ਕਥਾ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਉਪਰੰਤ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਦੇ ਨਾਲ਼ ਜੋੜਿਆ ਗਿਆ ਅਤੇ ਅੱਜ ਦੇ ਖਾਲਸਾ ਸਾਜਨਾ ਦਿਵਸ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਤੇ ਗੁਰ ਇਤਿਹਾਸ ਨਾਲ ਜੋੜਿਆ। ਅੱਜ ਦੇ ਸ੍ਰੀ ਅਖੰਡ ਪਾਠ ਸਾਹਿਬ ਅਤੇ ਸਮੇਤ ਜਪੁਜੀ ਸਾਹਿਬ ਦੀ ਸੇਵਾ ਇੰਗਲੈਂਡ ਨਿਵਾਸੀ ਸਰਦਾਰ ਅਪਿੰਦਰਪਾਲ ਸਿੰਘ ਦੇ ਪਰਿਵਾਰ ਵੱਲੋਂ ਕਰਵਾਈ ਗਈ, ਅੱਜ ਦਾ ਲਾਈਵ ਪ੍ਰੋਗਰਾਮ ਵੀ ਸੰਪੌਸਰ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243